GARY'S
ਸਪੈਸ਼ਲ ਗੋਰੀ ਪੀਜ਼ਾ
ਪਨੀਰ ਰੈਪ ਤੇ ਬਰਗਰ
ANY 2 LARGE PIZZAS
ANY 2 EX LARGE PIZZAS
37 Western Road, Southall
020 8571 3311

PANJAB TIMES
# ਪੰਜਾਬ ਟਾਈਮਜ਼
Free
ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ
Free Edition | 27 March, 2024
Europe's Leading Panjabi Weekly Since 1965

IMMIGRATION ADVICE BUREAU
SPECIALISTS ESTD 1988
FOR FREE INITIAL ADVICE
S.S.RAI

Tel: 020 8571 6680

Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com

# ਲੋਕ ਸਭਾ ਚੋਣਾਂ ਤੋਂ ਪਹਿਲਾਂ 'ਆਪ' ਨੂੰ ਵੱਡਾ ਝਟਕਾ!

## ਸੁਸ਼ੀਲ ਰਿੰਕੂ ਤੇ ਸ਼ੀਤਲ ਅੰਗੁਰਾਲ ਭਾਜਪਾ 'ਚ ਹੋਏ ਸ਼ਾਮਿਲ



ਲੋਕ ਸਭਾ ਚੋਣਾਂ ਨੂੰ ਕੁਝ ਹੀ ਸਮਾਂ ਬਚਿਆ ਹੈ। ਅਜਿਹੇ ਵਿਚ ਪੰਜਾਬ ਵਿਚ ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਲੱਗਾ ਹੈ। ਆਮ ਆਦਮੀ ਪਾਰਟੀ ਦੇ ਇਕਲੌਤੇ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਤੇ ਜਲੰਧਰ ਪੱਛਮੀ ਤੋਂ 'ਆਪ' ਵਿਧਾਇਕ ਸ਼ੀਤਲ ਅੰਗੁਰਾਲ ਵੀ ਭਾਜਪਾ 'ਚ ਸ਼ਾਮਲ ਹੋ ਗਏ ਹਨ।

ਸੁਨੀਲ ਜਾਖੜ ਤੇ ਹਰਦੀਪ ਪੁਰੀ ਨੇ ਸ਼ੀਤਲ ਅੰਗੁਰਾਲ ਤੇ ਸੁਸ਼ੀਲ ਰਿੰਕੂ ਨੂੰ ਭਾਜਪਾ ਵਿਚ ਸ਼ਾਮਲ ਕਰਵਾਇਆ ਤੇ ਭਾਜਪਾ ਲੀਡਰਾਂ ਵੱਲੋਂ ਉਨ੍ਹਾਂ ਦਾ ਬਾਹਾਂ ਖੋਲ੍ਹ ਕੇ ਸਵਾਗਤ ਕੀਤਾ ਗਿਆ। ਦੱਸ ਦੇਈਏ ਕਿ ਅਜੇ ਕੁਝ ਸਮਾਂ ਪਹਿਲਾਂ ਹੀ 'ਆਪ' ਵਿਧਾਇਕ ਸ਼ੀਤਲ ਅੰਗੁਰਾਲ ਨੇ ਪਾਰਟੀ ਤੋਂ ਅਸਤੀਫਾ ਦਿੱਤੀ ਸੀ। ਇਸੇ ਤਰ੍ਹਾਂ ਸਾਂਸਦ ਸੁਸ਼ੀਲ ਰਿੰਕੂ ਨੇ ਵੀ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਦਾ ਪੱਲਾ ਫੜ ਲਿਆ ਹੈ।

ਸ਼ੀਤਲ ਅੰਗੁਰਾਲ 2 ਸਾਲ ਬਾਅਦ ਭਾਜਪਾ ਵਿਚ ਪਰਤੇ ਹਨ। ਅੰਗੁਰਾਲ ਨੇ ਆਪਣੀ ਰਾਜਨੀਤੀ ਦੀ ਸ਼ੁਰੂਆਤ ਭਾਜਪਾ ਤੋਂ ਹੀ ਕੀਤੀ ਸੀ। ਜਲੰਧਰ ਵਿਚ ਉਹ ਭਾਜਪਾ ਦੇ ਕਾਫੀ ਸਰਗਰਮ ਨੇਤਾ ਸਨ। 2 ਸਾਲ ਪਹਿਲਾਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਉਨ੍ਹਾਂ ਨੇ ਭਗਵੰਤ ਮਾਨ ਨਾਲ ਮਿਲ ਕੇ ਆਮ ਆਦਮੀ ਪਾਰਟੀ ਜੁਆਇਨ ਕਰ ਲਈ ਸੀ। ਇਸ ਦੇ ਬਾਅਦ 'ਆਪ' ਦੀ ਟਿਕਟ ਜਲੰਧਰ ਪੱਛਮੀ ਵਿਧਾਨ ਸਭਾ ਸੀਟ ਤੋਂ ਚੋਣ ਲੜੀ ਦੇ ਕਾਂਗਰਰ ਦੇ ਸੁਸ਼ੀਲ ਰਿੰਕੂ ਨੂੰ ਹਰਾ ਕੇ ਵਿਧਾਇਕ ਬਣੇ। ਹੁਣ 2 ਸਾਲ ਬਾਅਦ ਉਹ ਭਾਜਪਾ ਵਿਚ ਪਰਤ ਆਏ ਹਨ।

ਭਾਜਪਾ ਜੁਆਇਨ ਕਰਨ ਦੇ ਬਾਅਦ ਸੁਸ਼ੀਲ ਰਿੰਕੂ ਨੇ ਕਿਹਾ ਕਿ ਮੈਨੂੰ ਮਾਣ ਹੈ ਕਿ ਜਲੰਧਰ ਦੇ ਲੋਕ ਮੇਰੇ ਨਾਲ ਹਨ ਪਰ ਮੈਂ ਆਪਣੇ ਵਾਅਦੇ ਪੂਰੇ ਨਹੀਂ ਕਰ ਸਕਿਆ। ਮੈਂ ਜਲੰਧਰ ਦੇ ਵਿਕਾਸ ਲਈ ਪਾਰਟੀ ਛੱਡੀ ਹੈ। ਅਸੀਂ ਰਲ-ਮਿਲ ਕੇ ਜਲੰਧਰ ਦਾ ਵਿਕਾਸ ਕਰਾਂਗੇ।



## ਰਿੰਕੂ ਤੇ ਸ਼ੀਤਲ ਅੰਗੁਰਾਲ ਦੇ ਭਾਜਪਾ 'ਚ ਸ਼ਾਮਲ ਹੋਣ ਮਗਰੋਂ ਮੁੱਖ ਮੰਤਰੀ ਮਾਨ ਦਾ ਬਿਆਨ



ਆਮ ਆਦਮੀ ਪਾਰਟੀ ਦੇ ਦੋ ਵੱਡੇ ਨੇਤਾ ਸ਼ੀਤਲ ਅੰਗੁਰਾਲ ਤੇ ਸੁਸ਼ੀਲ ਰਿੰਕੂ ਅੱਜ ਭਾਜਪਾ ਵਿਚ ਸ਼ਾਮਲ ਹੋ ਗਏ। ਸੁਸ਼ੀਲ ਰਿੰਕੂ ਤੇ ਸ਼ੀਤਲ ਅੰਗੁਰਾਲ ਦੇ ਪਾਰਟੀ ਛੱਡਣ ਦੇ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਵੱਡਾ ਬਿਆਨ ਸਾਹ-ਮਣੇ ਆਇਆ ਹੈ। ਉਨ੍ਹਾਂ ਨੇ ਸ਼ਾਇਰਾਨਾ ਅੰਦਾਜ਼ ਵਿਚ ਦੋਵਾਂ 'ਤੇ ਤੰਜ ਕੱਸਿਆ ਹੈ। ਮੁੱਖ ਮੰਤਰੀ ਮਾਨ ਨੇ ਟਵੀਟ ਕਰਦਿਆਂ ਕਿਹਾ-'ਆਪਣੇ ਵੱਲੋਂ ਤਾਂ ਦਰਿਆ ਵੱਡੇ ਘਰ ਜਾਂਦਾ ਹੈ, ਪਰ ਵਿੱਚ ਸਮੁੰਦਰ ਜਾਕੇ ਓਹ ਮਰ ਜਾਂਦਾ ਹੈ। ਗਰਦਨ ਸਿੱਧੀ ਰੱਖਣ ਦਾ ਮੁੱਲ ਤਾਰ ਰਹੇ ਹਾਂ, ਬੇਸ਼ਰਮਾਂ ਦਾ ਤਾਂ ਨੀਵੀਂ ਪਾ ਕੇ ਵੀ ਸਰ ਜਾਂਦਾ ਹੈ..ਪੰਜਾਬ ਦੀ ਗਰਦਨ ਮਾਣ ਨਾਲ ਹਮੇਸ਼ਾ ਉੱਚੀ ਰੱਖਾਂਗੇ..। ਜ਼ਿਕਰਯੋਗ ਹੈ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਵਿਚ ਆਮ ਆਦਮੀ ਪਾਰਟੀ ਨੂੰ ਝਟਕਾ ਲੱਗਾ ਹੈ। ਜਲੰਧਰ ਸੀਟ ਤੋਂ ਆਮ ਆਦਮੀ ਪਾਰਟੀ ਦੇ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਤੇ ਜਲੰਧਰ ਪੱਛਮੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਸ਼ੀਤਲ ਅੰਗੁਰਾਲ ਨੇ ਅੱਜ ਭਾਜਪਾ ਦਾ ਪੱਲਾ ਫੜ ਲਿਆ। ਇਨ੍ਹਾਂ ਸਭ ਦੇ ਦਰਮਿਆਨ ਸੀਐੱਮ ਮਾਨ ਨੇ ਟਵੀਟ ਕਰਕੇ ਦੋਵਾਂ 'ਤੇ ਨਿਸ਼ਾਨਾ ਸਾਧਿਆ ਹੈ।

## ਕੀ ਭਾਜਪਾ ਨੂੰ ਆਪਣੀ ਪਾਰਟੀ 'ਚ ਯੋਗ ਉਮੀਦਵਾਰ ਨਹੀਂ ਮਿਲ ਰਹੇ?

### ਹਿਮਾਚਲ ਦੇ ਰਾਹ 'ਤੇ, ਕੀ ਪੰਜਾਬ 'ਚ ਵੀ ਬਾਗੀਆਂ ਨੂੰ ਮਿਲਣਗੀਆਂ ਸਾਰੀਆਂ ਟਿਕਟਾਂ?

ਭਾਰਤੀ ਜਨਤਾ ਪਾਰਟੀ ਦੇਸ਼ ਭਰ 'ਚ ਆਪਣੇ ਵਿਰੋਧੀਆਂ ਨੂੰ ਖਤਮ ਕਰਨ ਦੀ ਮੁਹਿੰਮ 'ਤੇ ਲੱਗੀ ਹੋਈ ਹੈ, ਜਿਸ ਕਾਰਨ ਭਾਜਪਾ ਨੇ ਅਰਵਿੰਦ ਕੇਜਰੀਵਾਲ ਨੂੰ ਜੇਲ ਦਾ ਰਸਤਾ ਦਿਖਾ ਦਿੱਤਾ, ਉਦੋਂ ਤੋਂ ਹੀ ਵਿਰੋਧੀਆਂ ਦੇ ਮਨਾਂ 'ਚ ਅਜਿਹਾ ਡਰ ਪੈਦਾ ਹੋ ਗਿਆ ਹੈ ਕਿ ਵਿਰੋਧੀਆਂ ਦੇ ਡੰਡੇ ਪਾਰਟੀਆਂ ਬਿਨਾਂ ਸ਼ਰਤ ਭਾਜਪਾ ਅੱਗੇ ਸਮਰਪਣ ਕਰ ਰਹੀਆਂ ਹਨ।

ਹੈਰਾਨੀ ਦੀ ਗੱਲ ਇਹ ਹੈ ਕਿ ਹਿਮਾਚਲ ਵਿੱਚ ਭਾਜਪਾ ਨੇ 6 ਲੋਕ ਸਭਾ ਉਮੀਦਵਾਰਾਂ ਨੂੰ ਟਿਕਟਾਂ ਦਿੱਤੀਆਂ ਸਨ, ਜੋ ਸਾਰੇ ਕਾਂਗਰਸ ਪਾਰਟੀ ਤੋਂ ਬਾਗੀ ਸਨ।

ਭਾਜਪਾ ਹੁਣ ਪੰਜਾਬ ਵਿੱਚ ਵੀ ਇਹੀ ਫਾਰਮੂਲਾ ਅਪਣਾਉਣ ਜਾ ਰਹੀ ਹੈ। ਪਿਛਲੇ ਦਿਨੀਂ ਲੁਧਿਆਣਾ ਤੋਂ ਕਾਂਗਰਸ ਦੇ ਸੰਸਦ ਮੈਂਬਰ ਰਵਨੀਤ ਬਿੱਟੂ ਨੂੰ ਭਾਜਪਾ ਵਿੱਚ ਸ਼ਾਮਲ ਕਰਨ ਅਤੇ ਉਨ੍ਹਾਂ ਨੂੰ ਚੋਣ ਲੜਾਉਣ ਦਾ ਐਲਾਨ ਕਰਨ ਤੋਂ ਬਾਅਦ ਹੁਣ ਭਾਜਪਾ ਜਲੰਧਰ ਵਿੱਚ ਵੱਡਾ ਧਮਾਕਾ ਕਰਨ ਜਾ ਰਹੀ ਹੈ।



ਇਸ ਤੋਂ ਬਾਅਦ ਪੰਜਾਬ ਦੇ ਹੋਰ ਜ਼ਿਲ੍ਹਿਆਂ ਵਿੱਚ ਵਿਰੋਧੀ ਪਾਰਟੀਆਂ ਦੇ ਕਈ ਮੌਜੂਦਾ ਅਤੇ ਸਾਬਕਾ ਦਿੱਗਜ ਆਗੂਆਂ ਨੂੰ ਭਾਜਪਾ ਵਿੱਚ ਸ਼ਾਮਲ ਕਰਕੇ ਲੋਕ ਸਭਾ ਚੋਣਾਂ ਲੜਨ ਲਈ ਤਿਆਰ ਕੀਤਾ ਜਾਵੇਗਾ।

ਅਜਿਹੇ 'ਚ ਭਾਜਪਾ ਦੇ ਅੰਦਰ ਵਰਕਰਾਂ 'ਚ ਇਸ ਗੱਲ ਨੂੰ ਲੈ ਕੇ ਨਾਰਾਜ਼ਗੀ ਹੈ ਕਿ ਕੀ ਭਾਜਪਾ ਕੋਲ ਆਪਣੀ ਹੀ ਪਾਰਟੀ ਦੇ ਦਿੱਗਜ ਉਮੀਦਵਾਰ ਨਹੀਂ ਸਨ ਅਤੇ ਹੁਣ ਉਹ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਨੇਤਾਵਾਂ ਨੂੰ ਲਿਆ ਕੇ ਟਿਕਟਾਂ ਦੇ ਰਹੀ ਹੈ। ਹੁਣ ਦੇਖਣਾ ਇਹ ਹੈ ਕਿ ਭਾਜਪਾ ਦੇ ਇਸ ਕਦਮ ਨਾਲ ਆਉਣ ਵਾਲੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਨੂੰ ਫਾਇਦਾ ਹੋਵੇਗਾ ਜਾਂ ਨੁਕਸਾਨ?

# ਅਕਾਲੀ ਦਲ ਤੇ ਭਾਜਪਾ ਦੇ ਵੱਖ ਹੋਣ ਦੇ ਐਲਾਨ ਮਗਰੋਂ ਚੋਣ ਮੈਦਾਨ ਭਖਿਆ

## ਹਰਸਿਮਰਤ ਬਾਦਲ ਦੇ ਹੱਕ ਵਿੱਚ ਪ੍ਰਚਾਰ ਕਰਨ ਵਾਲੇ ਭਾਜਪਾ ਵਰਕਰ ਹੁਣ ਕਰਨਗੇ ਵਿਰੋਧ

ਮਾਨਸਾ- ਭਾਜਪਾ ਦੀ ਪੰਜਾਬ ਇਕਾਈ ਦੇ ਪ੍ਰਧਾਨ ਸੁਨੀਲ ਜਾਖੜ ਵੱਲੋਂ ਸ਼੍ਰੋਮਣੀ ਅਕਾਲੀ ਦਲ ਨਾਲ ਗੱਠਜੋੜ ਨਾ ਕਰਨ ਦੇ ਐਲਾਨ ਤੋਂ ਬਾਅਦ ਹੁਣ ਬਠਿੰਡਾ ਲੋਕ ਸਭਾ ਹਲਕੇ ਤੋਂ ਬਾਦਲ ਪਰਿਵਾਰ ਖ਼ਿਲਾਫ਼ ਉਹੀ ਆਗੂ ਉਨ੍ਹਾਂ ਦਾ ਵਿਰੋਧ ਕਰਨਗੇ ਜਿਨ੍ਹਾਂ ਦੇ ਉਪਰਾਲਿਆਂ ਸਦਕਾ ਹਰਸਿਮਰਤ ਕੌਰ ਬਾਦਲ ਲਗਾਤਾਰ ਤਿੰਨ ਵਾਰ ਇਸ ਸੀਟ ਤੋਂ ਸੰਸਦ ਮੈਂਬਰ ਰਹੇ ਸਨ। ਇਹ ਆਗੂ ਬਾਦਲ ਪਰਿਵਾਰ ਦੇ ਨਜ਼ਦੀਕੀ ਮੰਨੇ ਜਾਂਦੇ ਰਹੇ ਹਨ ਅਤੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਅਕਾਲੀ ਦਲ ਵੱਲੋਂ ਚੋਣਾਂ ਲੜਦੇ ਰਹੇ ਹਨ।

ਵੇਰਵਿਆਂ ਅਨੁਸਾਰ ਭਾਜਪਾ ਦੀ ਪੰਜਾਬ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਜਗਦੀਪ ਸਿੰਘ ਨਕੱਈ, ਸੁਖਬੀਰ ਸਿੰਘ ਬਾਦਲ ਦੇ ਸਹਿਪਾਠੀ ਰਹੇ ਹਨ ਅਤੇ ਮਾਨਸਾ ਜ਼ਿਲ੍ਹੇ ਦੇ ਜੋਗਾ ਵਿਧਾਨ ਸਭਾ ਹਲਕੇ ਤੋਂ ਚੋਣ ਜਿੱਤਦੇ ਰਹੇ ਹਨ। ਉਹ ਪਿਛਲੇ ਸਮੇਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਤੋਂ ਨਾਰਾਜ਼ ਹੋ ਕੇ ਭਾਜਪਾ ਵਿੱਚ ਚਲੇ ਗਏ ਸਨ। ਇਸ ਵੇਲੇ ਉਨ੍ਹਾਂ ਦਾ ਨਾਮ ਬਠਿੰਡਾ ਸੰਸਦੀ ਸੀਟ ਤੋਂ ਭਾਜਪਾ ਦੇ ਸੰਭਾਵੀ ਉਮੀਦਵਾਰਾਂ ਦੀ ਪਹਿਲੀ ਕਤਾਰ ਦੇ ਆਗੂਆਂ ਵਿੱਚ ਆਉਂਦਾ ਹੈ।

ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਠਿੰਡਾ ਵਿਧਾਨ ਸਭਾ ਸੀਟ ਤੋਂ ਵਿਧਾਇਕ ਰਹੇ ਸਰੂਪ ਚੰਦ ਸਿੰਗਲਾ ਇਸ ਵੇਲੇ ਭਾਜਪਾ ਦੀ ਸਿਖ਼ਰਲੀ ਟੀਮ ਹੇਠ ਕੰਮ ਰਹੇ ਹਨ ਅਤੇ ਉਨ੍ਹਾਂ ਨੇ ਵੀ ਭਾਜਪਾ ਵੱਲੋਂ ਬਠਿੰਡਾ ਤੋਂ ਚੋਣ ਲੜਨ ਦਾ ਬਕਾਇਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਜੇ ਭਾਜਪਾ ਨੇ ਉਨ੍ਹਾਂ ਨੂੰ ਮੈਦਾਨ ਵਿੱਚ ਉਤਾਰਿਆ ਤਾਂ ਉਹ ਬਠਿੰਡਾ ਤੋਂ ਬਾਦਲ ਪਰਿਵਾਰ ਖ਼ਿਲਾਫ਼ ਚੋਣ ਲੜਨ ਤੋਂ ਪਿੱਛੇ ਨਹੀਂ ਹਟਣਗੇ। ਉਧਰ ਮਾਨਸਾ ਤੋਂ ਸਾਬਕਾ ਵਿਧਾਇਕ ਮੰਗਤ ਰਾਏ ਬਾਂਸਲ ਅਤੇ ਜ਼ਿਲ੍ਹਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ, ਜੋ ਕਿਸੇ ਵੇਲੇ ਸ਼੍ਰੋਮਣੀ ਅਕਾਲੀ ਦਲ ਵਿੱਚ ਹੁੰਦਿਆਂ ਬੀਬਾ ਬਾਦਲ ਦੀ ਚੋਣ ਲਈ ਦਿਨ-ਰਾਤ ਜੁੱਟੇ ਰਹਿੰਦੇ ਸਨ, ਹੁਣ ਭਾਜਪਾ ਦੇ ਚੋਣ ਜਲਸਿਆਂ 'ਚ ਕੁੱਦਣ ਲਈ ਕਾਹਲੇ ਹਨ।

# ਲੱਖਾ ਸਿਧਾਣਾ ਵੱਲੋਂ ਬਠਿੰਡਾ ਤੋਂ ਚੋਣ ਲੜਨ ਦਾ ਐਲਾਨ




ਚਾਉਕੇ- ਲਖਵੀਰ ਸਿੰਘ ਲੱਖਾ ਸਿਧਾਣਾ ਵੱਲੋਂ ਲੋਕ ਸਭਾ ਹਲਕਾ ਬਠਿੰਡਾ ਤੋਂ ਆਜ਼ਾਦ ਉਮੀਦਵਾਰ ਵੱਲੋਂ ਚੋਣ ਲੜਨ ਦਾ ਐਲਾਨ ਕੀਤਾ ਗਿਆ ਹੈ। ਪਿੰਡ ਢੱਡੇ ਵਿੱਚ ਵਰਕਰਾਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਵਿਚ ਸੱਤਾ ਦਾ ਆਨੰਦ ਮਾਣਨ ਵਾਲੀਆਂ ਪਾਰਟੀਆਂ ਵੀ ਹੁਣ ਪੰਜਾਬ ਨੂੰ ਬਚਾਉਣ ਦੀ ਦੁਹਾਈ ਦੇ ਰਹੀਆਂ ਹਨ। ਇਸ ਤੋਂ ਜਾਪਦਾ ਹੈ ਕਿ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਕੇਵਲ ਸੱਤਾ 'ਤੇ ਕਾਬਜ਼ ਹੋਣ ਲਈ ਪੰਜਾਬੀਆਂ ਦੀਆਂ ਅੱਖਾਂ ਵਿੱਚ ਧੂੜ ਪਾ ਰਹੀਆਂ ਹਨ। ਉਨ੍ਹਾਂ ਨੂੰ ਪੰਜਾਬ ਦੀ ਜਵਾਨੀ, ਬੋਲੀ, ਇਤਿਹਾਸ, ਪਰਵਾਸ ਦੀ ਕੋਈ ਪ੍ਰਵਾਹ ਨਹੀਂ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪਿਛਲੀਆਂ ਵਿਧਾਨ ਚੋਣਾਂ ਦੌਰਾਨ ਉਨ੍ਹਾਂ ਨੂੰ 'ਆਪ' ਦਾ ਸਾਥ ਦੇਣ ਲਈ ਪੇਸ਼ਕਸ਼ ਕੀਤੀ ਸੀ ਪਰ ਉਨ੍ਹਾਂ ਸਾਫ਼ ਇਨਕਾਰ ਕਰ ਦਿੱਤਾ ਕਿ ਉਹ ਕਦੇ ਵੀ ਉਸ ਪਾਰਟੀ ਦਾ ਸਾਥ ਨਹੀਂ ਦੇਣਗੇ ਜਿਸ ਦਾ ਮੂੰਹ ਦਿੱਲੀ ਵੱਲ ਹੋਵੇ। ਹੁਣ ਜਦੋਂ ਉਹ ਕਿਸਾਨੀ ਸੰਘਰਸ਼ ਲਈ ਲੋਕਾਂ ਨੂੰ ਲਾਮਬੰਦ ਕਰਨ ਲਈ ਪਿੰਡਾਂ ਵਿੱਚ ਜਾਂਦੇ ਹਨ ਤਾਂ ਪਿੰਡਾਂ ਵਿਚ ਉਨ੍ਹਾਂ ਨੂੰ ਵੱਡਾ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦਾ ਵਿਰੋਧ ਕਰਦਿਆਂ ਕਿਹਾ ਕਿ ਭਾਜਪਾ ਲੋਕਤੰਤਰ ਦਾ ਗਲ ਘੁੱਟ ਰਹੀ ਹੈ। ਇਸ ਮੌਕੇ ਭਾਨਾ ਸਿੱਧੂ ਨੇ ਵੀ ਸੰਬੋਧਨ ਕੀਤਾ।

# ਸ਼੍ਰੋਮਣੀ ਅਕਾਲੀ ਦਲ ਅਸੂਲਾਂ 'ਤੇ ਚੱਲਣ ਵਾਲੀ ਪਾਰਟੀ: ਸੁਖਬੀਰ



ਪੰਜਾਬ ਵਿੱਚ ਭਾਜਪਾ ਵੱਲੋਂ ਇਕੱਲੇ ਲੋਕ ਸਭਾ ਚੋਣਾਂ ਲੜਨ ਦਾ ਐਲਾਨ ਕੀਤੇ ਜਾਣ ਤੋਂ ਬਾਅਦ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਸੂਲਾਂ 'ਤੇ ਚੱਲਣ ਵਾਲੀ ਸਿਆਸੀ ਪਾਰਟੀ ਹੈ, ਜਿਸ ਦਾ ਮੰਤਵ ਪੰਜਾਬ ਵਿਚ ਭਾਈਚਾਰਕ ਸਾਂਝ ਕਾਇਮ ਰੱਖਣਾ ਹੈ। ਅੱਜ ਉਹ ਹੋਲੇ ਮਹੱਲੇ ਮੌਕੇ ਇੱਥੇ ਗੁਰੂਵਾਲੀ ਵਿਖੇ ਨਤਮਸਤਕ ਹੋਣ ਆਏ ਸਨ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ 103 ਸਾਲ ਪੁਰਾਣੀ ਪਾਰਟੀ ਹੈ ਜਿਸ ਨੇ ਸਿੱਖ ਕੌਮ ਤੇ ਪੰਥ ਦੀ ਚੜ੍ਹਦੀ ਕਲਾ ਲਈ ਕੰਮ ਕੀਤਾ ਹੈ।

# ਰਵਨੀਤ ਬਿੱਟੂ ਦੇ ਬੀਜੇਪੀ ਵਿਚ ਜਾਣ ਕਾਰਨ ਭੜਕੇ ਆਸ਼ੂ



ਸ਼ੰਭੂ : ਲੁਧਿਆਣਾ ਦੇ ਸਾਂਸਦ ਰਵਨੀਤ ਬਿੱਟੂ ਦੀ ਭਾਜਪਾ ਵਿਚ ਬੀਤੇ ਦਿਨ ਐਂਟਰੀ ਹੋਈ। ਕਾਂਗਰਸ ਦੇ ਸਾਬਕਾ ਕੈਬਨਿਟ ਮੰਤਰੀ ਭਾਰਤ ਭੂਸ਼ਣ ਆਸ਼ੂ , ਰਵਨੀਤ ਬਿੱਟੂ ਦੇ ਬੀਜੇਪੀ ਵਿਚ ਜਾਣ ਕਾਰਨ ਭੜਕ ਗਏ। ਆਸ਼ੂ ਨੇ ਕਿਹਾ ਕਿ ਰਵਨੀਤ ਇੱਕ ਕਮਜ਼ੋਰ ਨੇਤਾ ਸਾਬਤ ਹੋਇਆ। ਬੀਜੇਪੀ ਵਿਚ ਸ਼ਾਮਲ ਹੋਣ ਤੋਂ ਕਰੀਬ ਅੱਧਾ ਘੰਟਾ ਪਹਿਲਾਂ ਹੀ ਬਿੱਟੂ ਕਾਂਗਰਸ ਅਤੇ ਵਰਕਰਾਂ ਦੀ ਮੀਟਿੰਗ ਕਰ ਰਿਹਾ ਸੀ। ਅਚਾਨਕ ਪਤਾ ਚਲਿਆ ਕਿ ਉਹ ਬੀਜੇਪੀ ਵਿਚ ਸ਼ਾਮਲ ਹੋ ਗਏ। ਬਿੱਟੂ ਨੇ ਅਪਣਾ ਕਿਰਦਾਰ ਨਿਭਾਅ ਕੇ ਸਾਬਤ ਕਰ ਦਿੱਤਾ ਕਿ ਉਹ ਇੱਕ ਕਮਜ਼ੋਰ ਨੇਤਾ ਸਾਬਤ ਹੋਏ। ਕਾਂਗਰਸੀ ਵਰਕਰਾਂ ਦਾ ਹੁਣ ਇੱਕ ਹੀ ਨਾਅਰਾ ਹੈ ਕਿ ਬਿੱਟੂ ਨੂੰ ਸਬਕ ਸਿਖਾਉਣਾ ਹੈ।

# ਅਮਰੀਕਾ ਦੇ ਮੈਰੀਲੈਂਡ 'ਚ ਜਹਾਜ਼ ਟਕਰਾਉਣ ਨਾਲ ਡਿੱਗਿਆ ਬ੍ਰਿਜ, 2 ਲੋਕਾਂ ਦਾ ਕੀਤਾ ਗਿਆ ਰੈਸਕਿਓ

ਅਮਰੀਕਾ ਦੇ ਮੈਰੀਲੈਂਡ ਵਿਚ ਇਕ ਕਾਰਗੋ ਜਹਾਜ਼ ਦੇ ਟਕਰਾਉਣ ਨਾਲ 'ਫ੍ਰਾਂਸਿਸ ਸਕਾਟ ਕੀ' ਬ੍ਰਿਜ ਢਹਿ ਗਿਆ। ਨਿਊਯਾਰਕ ਟਾਈਮਸ ਮੁਤਾਬਕ ਘਨਟਾ ਅਮਰੀਕੀ ਸਮੇਂ ਮੁਤਾਬਕ ਰਾਤ ਲਗਭਗ ਡੇਢ ਵਜੇ ਵਾਪਰੀ। ਪੁਲ ਨਾਲ ਟਕਰਾਉਣ ਦੇ ਬਾਅਦ ਜਹਾਜ਼ ਵਿਚ ਅੱਗ ਲੱਗ ਗਈ ਤੇ ਉਹ ਡੁੱਬ ਗਿਆ ਸਿੰਗਾਪੁਰ ਦੇ ਝੰਡੇ ਵਾਲਾ ਇਹ ਜਹਾਜ਼ ਸ਼੍ਰੀਲੰਕਾ ਦੀ ਰਾਜਧਾਨੀ ਕੋਲੰਬੋ ਜਾ ਰਿਹਾ ਸੀ।

ਇਸ ਨੂੰ ਰਵਾਨਾ ਹੋਏ ਕੁਝ ਹੀ ਸਮਾਂ ਹੋਇਆ ਸੀ। ਇਹ 22 ਅਪ੍ਰੈਲ ਨੂੰ ਸ਼੍ਰੀਲੰਕਾ ਪਹੁੰਚਣ ਵਾਲਾ ਸੀ। ਜਹਾਜ਼ ਦਾ ਨਾਂ ਦਾਲੀ ਦੱਸਿਆ ਜਾ ਰਿਹਾ ਹੈ। ਪੁਲ ਢਹਿਣ ਦੀ ਵਜ੍ਹਾ ਨਾਲ ਉਸ 'ਤੇ ਮੌਜੂਦ ਕਈ ਗੱਡੀਆਂ ਤੇ ਲੋਕ ਪਾਣੀ ਵਿਚ ਡਿਗ ਗਏ। ਫਾਇਰ ਡਿਪਾਰਟਮੈਂਟ ਮੁਤਾਬਕ ਅਜੇ ਤੱਕ 7 ਲੋਕ ਲਾਪਤਾ ਹਨ, 2 ਲੋਕਾਂ ਨੂੰ ਪਾਣੀ ਤੋਂ ਕੱਢਿਆ ਗਿਆ। ਇਨ੍ਹਾਂ ਵਿਚੋਂ ਇਕ ਦੀ ਹਾਲਤ ਗੰਭੀਰ ਹੈ ਜਦੋਂ ਕਿ ਜਹਾਜ਼ ਦਾ ਕਰੂ ਸੁਰੱਖਿਅਤ ਹੈ।



ਹੁਣ ਤੱਕ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਪੁਲ 'ਤੇ ਕਿੰਨੇ ਲੋਕ ਮੌਜੂਦ ਸਨ ਤੇ ਉਹ ਕਿਸ ਸਥਿਤੀ ਵਿਚ ਹ। ਬਲੂਮਰਗ ਰਿਪੋਰਟ ਮੁਤਾਬਕ ਮੈਰੀਲੈਂਡ ਟ੍ਰਾਂਸਪੋਰਟੇਸ਼ਨ ਅਥਾਰਟੀ ਨੇ ਦੱਸਿਆ ਕਿ ਬ੍ਰਿਜ 'ਤੇ ਹਾਦਸੇ ਦੇ ਬਾਅਦ ਸਾਰੀਆਂ ਲੇਨ ਬੰਦ ਕਰ ਦਿੱਤੀਆਂ ਗਈਆਂ ਹਨ ਤੇ ਟ੍ਰੈਫਿਕ ਰੋਕ ਦਿੱਤਾ ਗਿਆ ਹੈ। ਦਾਲੀ ਜਹਾਜ਼ 948 ਫੁੱਟ ਲੰਬਾ ਸੀ। ਫ੍ਰਾਂਸਿਸ ਦੀ ਬ੍ਰਿਜ ਨੂੰ 1977 ਵਿਚ ਪੇਟਾਸਪਸਕੋ ਨਦੀ ਦੇ ਉਪਰ ਬਣਾਇਆ ਗਿਆ। ਇਸ ਦਾ ਨਾਂ ਅਮਰੀਕਾ ਦਾ ਰਾਸ਼ਟਰਗਾਣ ਲਿਖਣ ਵਾਲੇ ਫ੍ਰਾਂਸਿਸ ਸਕਾਟ ਦੇ ਨਾਂ 'ਤੇ ਰੱਖਿਆ ਗਿਆ ਹੈ।

ਜਹਾਜ਼ ਦੇ ਮਾਲਕਾਨਾ ਹੱਕ ਵਾਲੀ ਕੰਪਨੀ ਨੇ ਦੱਸਿਆ ਕਿ ਜਹਾਜ਼ 'ਤੇ ਮੌਜੂਦ ਦੋਵੇਂ ਪਾਇਲਟ ਸਣੇ ਸਾਰੇ ਕਰੂ ਸੁਰੱਖਿਅਤ ਹੈ। ਜਹਾਜ਼ ਦੇ ਪੁਲ ਦੇ ਵਿਚ ਟੱਕਰ ਦਾ ਕਾਰਨ ਅਜੇ ਸਾਹਮਣੇ ਨਹੀਂ ਆਇਆ ਹੈ। ਜਾਂਚ ਕੀਤੀ ਜਾ ਰਹੀ ਹੈ। ਨਿਊਯਾਰਕ ਟਾਈਮਸ ਮੁਤਾਬਕ ਬਾਲਟਿਮੋਰ ਹਾਰਬਰ ਵਿਚ ਪਾਣੀ ਦਾ ਤਾਪਮਾਨ 9 ਡਿਗਰੀ ਸੈਲਸੀਅਸ ਹੈ। ਅਮਰੀਕਾ ਦੇ ਸੈਂਟਰ ਫਾਰ ਡੀਜ਼ੀਜ ਕੰਟਰੋਲ ਮੁਤਾਬਕ 21 ਡਿਗਰੀ ਸੈਲਸੀਅਸ ਤੋਂ ਘੱਟ ਤਾਪਮਾਨ ਹੋਣ 'ਤੇ ਸਰੀਰ ਦਾ ਟੈਂਪ੍ਰੇਚਰ ਵੀ ਤੇਜ਼ੀ ਨਾਲ ਡਿੱਗਦਾ ਹੈ। ਇਸੇ ਵਜ੍ਹਾ ਨਾਲ ਪਾਣੀ ਵਿਚ ਡੁੱਬ ਲੋਕਾਂ ਦੀ ਜਾਨ ਨੂੰ ਖ਼ਤਰਾ ਹੋ ਸਕਦਾ ਹੈ।

# ਜੇਲ੍ਹ 'ਚ ਬੰਦ ਮੁਖਤਾਰ ਅੰਸਾਰੀ ਦੀ ਵਿਗੜੀ ਤਬੀਅਤ, ਦੁਰਗਾਵਤੀ ਮੈਡੀਕਲ ਕਾਲਜ 'ਚ ਕਰਵਾਇਆ ਗਿਆ ਭਰਤੀ

ਬਾਂਦਾ ਜੇਲ੍ਹ ਵਿੱਚ ਬੰਦ ਮੁਖਤਾਰ ਅੰਸਾਰੀ ਨੂੰ ਪੇਟ ਦਰਦ ਦੀ ਸ਼ਿਕਾਇਤ 'ਤੇ ਰਾਨੀ ਦੁਰਗਾਵਤੀ ਮੈਡੀਕਲ ਕਾਲਜ 'ਚ ਦਾਖਲ ਕਰਵਾਇਆ ਗਿਆ ਹੈ। ਮੰਗਲਵਾਰ ਸਵੇਰੇ ਮੁਖਤਾਰ ਦੀ ਸ਼ਿਕਾਇਤ 'ਤੇ ਉਸ ਨੂੰ ਤੁਰੰਤ ਸਵੇਰੇ ਚਾਰ ਵਜੇ ਸਖ਼ਤ ਸੁਰੱਖਿਆ ਹੇਠ ਮੈਡੀਕਲ ਕਾਲਜ ਲਿਜਾਇਆ ਗਿਆ। ਇੱਥੇ ਡਾਕਟਰਾਂ ਦੀ ਟੀਮ ਨੇ ਉਸ ਦੀ ਬਾਰੀਕੀ ਨਾਲ ਜਾਂਚ ਕੀਤੀ। ਮੁਖਤਾਰ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ।

ਦੱਸ ਦਈਏ ਕਿ ਦੋ ਦਿਨ ਪਹਿਲਾਂ ਬੰਦਾ ਜੇਲ੍ਹ ਵਿੱਚ ਬੰਦ ਮਾਫ਼ੀਆ ਮੁਖਤਾਰ ਅੰਸਾਰੀ ਨੂੰ ਲਿਆਉਣ ਅਤੇ ਲਿਜਾਣ ਵਿੱਚ ਲਾਪਰਵਾਹੀ ਵਰਤਣ ਵਾਲੇ ਬੰਦਾ ਮੰਡਲ ਜੇਲ੍ਹ ਵਿੱਚ ਤਾਇਨਾਤ ਜੇਲ੍ਹਰ ਅਤੇ ਦੋ ਡਿਪਟੀ ਜੇਲ੍ਹਰਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। 2 ਮਾਰਚ ਨੂੰ ਡੀਆਈਜੀ ਜੇਲ੍ਹ ਪ੍ਰਯਾਗਰਾਜ ਨੇ ਇੱਥੋਂ ਦੀ ਜੇਲ੍ਹ ਦਾ ਅਚਨਚੇਤ ਨਿਰੀਖਣ ਕੀਤਾ ਸੀ। ਉਨ੍ਹਾਂ ਨੇ



ਆਪਣੀ ਰਿਪੋਰਟ ਸਰਕਾਰ ਨੂੰ ਸੌਂਪ ਦਿੱਤੀ ਸੀ।ਉਨ੍ਹਾਂ ਦੀ ਰਿਪੋਰਟ ਦੇ ਆਧਾਰ 'ਤੇ ਡੀਜੀ ਜੇਲ੍ਹ ਐਸਐਨ ਸਬਤ ਨੇ ਜੇਲ੍ਹਰ ਯੋਗੇਸ਼ ਕੁਮਾਰ, ਡਿਪਟੀ ਜੇਲ੍ਹਰ ਰਾਜੇਸ਼ ਕੁਮਾਰ ਅਤੇ ਅਰਵਿੰਦ ਕੁਮਾਰ ਨੂੰ ਮੁਅੱਤਲ ਕਰ ਦਿੱਤਾ ਹੈ। ਮੁਖਤਾਰ ਅੰਸਾਰੀ ਨੂੰ ਸਖ਼ਤ ਸੁਰੱਖਿਆ ਪ੍ਰਬੰਧਾਂ ਦਰਮਿਆਨ 7 ਅਪ੍ਰੈਲ, 2021 ਨੂੰ ਪੰਜਾਬ ਦੀ ਰੋਪੜ ਜੇਲ੍ਹ ਤੋਂ ਬੰਦਾ ਮੰਡਲ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ।

# ਸਾਬਕਾ ਅਮਰੀਕੀ ਰਾਸ਼ਟਰਪਤੀ ਟਰੰਪ ਦੀਆਂ ਮੁਸ਼ਕਲਾਂ ਵਧ ਸਕਦੀਆਂ ਹਨ, ਜੱਜ ਨੇ 'ਹਸ਼ ਮਨੀ' ਦੇ ਮਾਮਲੇ 'ਚ ਸੁਣਵਾਈ ਦੀ ਤਰੀਕ ਤੈਅ ਕੀਤੀ

ਨਿਊਯਾਰਕ (ਰਾਜ ਗੋਗਨਾ)-ਹਸ਼' ਮਨੀ ਵਿੱਚ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਸਟੋਰਮੀ ਡੇਨੀਅਲਸ ਨੂੰ ਚੁੱਪ ਕਰਾਉਣ ਲਈ ਪੈਸੇ ਦੇਣ ਦੇ ਮਾਮਲੇ ਵਿੱਚ ਮੁਸ਼ਕਲਾਂ ਟਰੰਪ ਵਧ ਸਕਦੀਆਂ ਹਨ। ਮੀਡੀਆ ਰਿਪੋਰਟਾਂ ਮੁਤਾਬਕ ਅਮਰੀਕੀ ਰਾਸ਼ਟਰਪਤੀ ਚੋਣਾਂ 'ਚ ਰਿਪਬਲਿਕਨ ਉਮੀਦਵਾਰ ਟਰੰਪ ਦੇ ਖਿਲਾਫ ਮਾਮਲੇ 'ਚ ਸੁਣਵਾਈ ਦੀ ਤਰੀਕ ਤੈਅ ਕੀਤੀ ਗਈ ਹੈ। ਨਿਊਯਾਰਕ ਦੇ ਜੱਜ ਨੇ ਇਸ ਕੇਸ ਦੀ ਸੁਣਵਾਈ 15 ਅਪ੍ਰੈਲ ਨੂੰ ਤੈਅ ਕਰ ਦਿੱਤੀ ਹੈ। ਟਰੰਪ ਖਿਲਾਫ ਇਹ ਪਹਿਲਾ ਅਪਰਾਧਿਕ ਮਾਮਲਾ ਹੋਵੇਗਾ। ਅਤੇ ਟਰੰਪ ਨੇ ਜੱਜ ਨੂੰ ਸੁਣਵਾਈ ਮੁਲਤਵੀ ਕਰਨ ਲਈ ਕਿਹਾ, ਜ਼ਿਕਰਯੋਗ ਹੈ ਕਿ ਬੀਤੇਂ ਦਿਨ ਸੋਮਵਾਰ ਨੂੰ ਸੁਣਵਾਈ ਦੌਰਾਨ ਟਰੰਪ ਨੇ ਜੱਜ ਨੂੰ ਸੁਣਵਾਈ ਮੁਲਤਵੀ ਕਰਨ ਦੀ ਬੇਨਤੀ ਕੀਤੀ ਸੀ। ਹਾਲਾਂਕਿ, ਜੱਜ ਜੁਆਨ ਮਰਚਨ ਨੇ ਟਰੰਪ ਦੀਆਂ ਸਾਰੀਆਂ ਬੇਨਤੀਆਂ ਨੂੰ ਠੁਕਰਾ ਦਿੱਤਾ ਅਤੇ ਮੁਕੱਦਮੇ ਦੀ ਸੁਣਵਾਈ 15 ਅਪ੍ਰੈਲ ਤੋਂ ਸ਼ੁਰੂ ਕਰਨ ਦਾ ਆਦੇਸ਼ ਦਿੱਤਾ। ਰਿਪੋਰਟ ਮੁਤਾਬਕ ਟਰੰਪ ਦੇ ਖਿਲਾਫ ਮੁਕੱਦਮਾ ਸੋਮਵਾਰ ਨੂੰ ਸ਼ੁਰੂ ਹੋਣਾ ਸੀ, ਪਰ ਆਖਰੀ ਸਮੇਂ 'ਤੇ ਮੈਨਹਟਨ ਜ਼ਿਲਾ ਅਟਾਰਨੀ ਐਲਵਿਨ ਬ੍ਰੈਗ ਦਾ ਦਫਤਰ ਮੁਕੱਦਮੇ 'ਚ ਦੇਰੀ ਕਰਨ ਲਈ ਤਿਆਰ ਹੋ ਗਿਆ ਸਾਬਕਾ ਰਾਸ਼ਟਰਪਤੀ ਟਰੰਪ 'ਤੇ 2016 ਦੀਆਂ ਰਾਸ਼ਟਰਪਤੀ ਚੋਣਾਂ ਤੋਂ ਪਹਿਲਾਂ ਆਪਣੇ ਕਥਿਤ ਸਬੰਧਾਂ ਬਾਰੇ ਚੁੱਪ ਰਹਿਣ ਲਈ ਬਾਲਗ ਫਿਲਮ ਸਟਾਰ ਸਟੋਰਮੀ ਡੈਨੀਅਲ ਨੂੰ 130,000 ਅਮਰੀਕੀ ਡਾਲਰ ਦਾ ਭੁਗਤਾਨ ਕਰਨ ਦਾ ਦੋਸ਼ ਹੈ। ਟਰੰਪ ਨੇ ਇਹ ਰਕਮ ਆਪਣੇ ਤਤਕਾਲੀ ਮੈਨੇਜਰ ਮਾਈਕਲ ਕੋਹੇਨ ਰਾਹੀਂ ਅਦਾ ਕੀਤੀ ਸੀ। ਇਸ ਤੋਂ ਇਲਾਵਾ ਉਸ 'ਤੇ ਕਾਰੋਬਾਰੀ ਰਿਕਾਰਡ 'ਚ ਹੇਰਾਫੇਰੀ ਕਰਨ ਦਾ ਵੀ ਦੋਸ਼ ਹੈ। ਹਾਲਾਂਕਿ, ਟਰੰਪ ਨੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ ਅਤੇ ਆਪਣੇ ਆਪ ਨੂੰ ਦੋਸ਼ੀ ਨਹੀਂ ਮੰਨਿਆ ਹੈ।



# ਮੂਸੇਵਾਲੇ ਦੇ ਪਿਤਾ ਅਤੇ ਨਵਜੰਮੇ ਸ਼ੁਭਦੀਪ ਦੀਆਂ ਤਸਵੀਰਾਂ ਟਾਈਮਜ਼ ਸਕੁਏਅਰ ' ਨਿਊਯਾਰਕ ਚ' ਬਿਲਬੋਰਡ ਉੱਤੇ ਪ੍ਰਦਰਸ਼ਿਤ ਕੀਤੀਆਂ ਗਈਆਂ

ਨਿਊਯਾਰਕ (ਰਾਜ ਗੋਗਨਾ)- ਬੀਤੇਂ ਦਿਨ ਟਾਈਮਜ਼ ਸਕੁਏਅਰ ਨਿਊਯਾਰਕ ਵਿੱਖੇ ਨਵਜੰਮੇ ਸ਼ੁਭਦੀਪ ਦੀਆਂ ਤਸਵੀਰਾ ਟਾਈਮਜ਼ ਸਕੁਏਅਰ ਨਿਊਯਾਰਕ ਚ' ਬਿਲਬੋਰਡ ਤੇ ਸਾਹਮਣੇ ਆਈਆਂ ਜਿਸ ਵਿੱਚ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਅਤੇ ਨਵਜੰਮੇ ਸ਼ੁਭਦੀਪ ਦੀਆਂ ਤਸਵੀਰਾਂ ਟਾਈਮਜ਼ ਸਕੁਆਇਰ ਨਿਊਯਾਰਕ ਵਿੱਚ ਇਕ ਬਿਲਬੋਰਡ ਉੱਤੇ ਪ੍ਰਦਰਸ਼ਿਤ ਕੀਤੀਆਂ ਗਈਆਂ ਸਨ।ਇਕ ਪ੍ਰਸ਼ੰਸਕ ਨੇ ਇਸ ਘਟਨਾ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਹੈ। ਇਸ ਵੀਡੀਓ ਵਿੱਚ ਬਲਕੌਰ ਸਿੰਘ ਨਵਜੰਮੇ ਮਰਹੂਮ ਰੈਪਰ ਸਿੱਧੂ ਮੂਸੇਵਾਲੇ ਦੇ ਭਰਾ ਨੂੰ ਫੜੀ ਬੈਠਾ ਹੈ।ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੀ ਮਾਤਾ ਚਰਨ ਕੌਰ ਨੇ 58 ਸਾਲ ਦੀ ਉਮਰ ਵਿੱਚ ਇਨ ਵਿਟਰੋ ਫਰਟੀਲਾਈਜੇਸ਼ਨ (ਆਈਵੀਐਫ) ਰਾਹੀਂ ਇੱਕ ਬੱਚੇ ਨੂੰ ਜਨਮ ਦਿੱਤਾ ਹੈ ਅਤੇ ਪਰਿਵਾਰ ਨੇ ਨਵਜੰਮੇ ਬੱਚੇ ਦਾ ਨਾਮ ਸਿੱਧੂ




ਮੂਸੇਵਾਲਾ ਦੇ ਅਸਲੀ ਨਾਮ ਉੱਤੇ ਸ਼ੁਭਦੀਪ ਰੱਖਿਆ ਹੈ। ਇਹ ਘਟਨਾ ਇੰਨੀ ਜ਼ਿਆਦਾ ਹੋ ਗਈ ਹੈ ਕਿ ਅਮਰੀਕਾ ਵਿੱਚ ਵੀ ਇਸ ਦਾ ਅਸਰ ਦੇਖਣ ਨੂੰ ਮਿਲਿਆ ਹੈ। ਪਿਤਾ ਬਲਕੌਰ ਸਿੰਘ ਅਤੇ ਨਵਜੰਮੇ ਬੱਚੇ ਸ਼ੁਭਦੀਪ ਦੀਆਂ ਤਸਵੀਰਾਂ ਨਿਊਯਾਰਕ ਦੇ ਟਾਈਮਜ਼ ਸਕੁਏਅਰ ਵਿੱਚ ਇੱਕ ਬਿਲਬੋਰਡ ਉੱਤੇ ਪ੍ਰਦਰਸ਼ਿਤ ਕੀਤੀਆਂ ਗਈਆਂ ਸਨ ਅਤੇ ਇਸ ਨੇ ਪ੍ਰਸ਼ੰਸਕਾਂ ਵਿੱਚ ਹਲਚਲ ਮਚਾ ਦਿੱਤੀ ਹੈ। ਇਕ ਪ੍ਰਸ਼ੰਸਕ ਨੇ ਇਸ ਘਟਨਾ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਹੈ। ਵੀਡੀਓ ਵਿੱਚ ਬਲਕੌਰ ਸਿੰਘ ਨੇ ਨਵਜੰਮੇ ਸ਼ੁਭਦੀਪ ਨੂੰ ਫੜਿਆ ਹੋਇਆ ਹੈ ਅਤੇ ਫਿਰ 1993 ਵਿੱਚ ਜਨਮੇ ਸ਼ੁਭਦੀਪ ਅਤੇ ਹੁਣ ਜਨਮੇ ਸ਼ੁਭਦੀਪ ਦੀਆਂ ਤਸਵੀਰਾਂ ਹਨ। ਇੱਕ ਤਸਵੀਰ ਵਿੱਚ ਸ਼ੁਭਦੀਪ ਆਪਣੇ ਪਿਤਾ ਨਾਲ ਹੈ। ਇਸ ਵੀਡੀਓ ਨੂੰ ਦੇਖਣ ਤੋਂ ਬਾਅਦ ਪ੍ਰਸ਼ੰਸਕਾਂ ਨੇ ਵੀ ਜ਼ਬਰਦਸਤ ਪ੍ਰਤੀਕਿਰਿਆ ਦਿੱਤੀ ਹੈ ਅਤੇ ਸ਼ੁਭਦੀਪ ਨੂੰ ਜਨਮ ਦਾ ਸਟਾਰ ਅਤੇ ਪੰਜਾਬ ਦਾ ਮਾਣ ਵੀ ਦੱਸਿਆ ਹੈ। ਇੱਕ ਪ੍ਰਸ਼ੰਸਕ ਨੇ ਲਿਖਿਆ ਕਿ ਦੰਤਕਥਾ ਵਾਪਸ ਆ ਗਈ ਹੈ। ਹਾਲਾਂਕਿ, ਵਿਦੇਸ਼ੀ ਧਰਤੀ ਤੇ ਸਿੱਧੂ ਨੂੰ ਪਿਆਰ ਕਰਨ ਵਾਲੇ ਕਈਆਂ ਲੋਕਾਂ ਨੇ ਪੁੱਛਿਆ ਹੈ ਕਿ ਟਾਈਮਜ਼ ਸਕੁਏਅਰ ਨਿਊਯਾਰਕ ਵਿੱਚ ਸਿੱਧੂ ਮੂਸੇਵਾਲਾ ਨੂੰ ਸ਼ਰਧਾਂਜਲੀ ਦੇਣ ਲਈ ਕਿੰਨਾ ਖਰਚਾ ਆਵੇਗਾ?

# ਇਜ਼ਰਾਈਲ ਤੇ ਹਮਾਸ 'ਤੇ ਗਾਜ਼ਾ ਵਿਚ ਜੰਗਬੰਦੀ ਲਈ ਕੌਮਾਂਤਰੀ ਦਬਾਅ ਵਧਿਆ

ਹਮਾਸ ਨੇ ਜੰਗਬੰਦੀ ਅਤੇ ਬੰਧਕਾਂ ਦੀ ਰਿਹਾਈ ਲਈ ਕੌਮਾਂਤਰੀ ਸਾਲਸ ਵਲੋਂ ਪੇਸ਼ ਕੀਤੇ ਗਏ ਹਾਲੀਆ ਪ੍ਰਸਤਾਵ ਨੂੰ ਰੱਦ ਕਰ ਦਿੱਤਾ ਹੈ। ਦੂਜੇ ਪਾਸੇ ਇਜ਼ਰਾਈਲ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਦੇ ਉਸ ਮਤੇ ਦਾ ਵਿਰੋਧ ਕੀਤਾ ਹੈ ਜਿਹੜਾ ਦੋਵਾਂ ਨੂੰ ਸੰਪਰਕ ਕੀਤੇ ਬਿਨਾਂ ਪਾਸ ਕੀਤਾ ਗਿਆ ਸੀ। ਗਾਜ਼ਾ ਵਿਚ ਛੇ ਮਹੀਨੇ ਤੋਂ ਜੰਗ ਚਲ ਰਹੀ ਹੈ ਤੇ ਦੋਵਾਂ ਨੇ ਖੂਨ ਖਰਾਬੇ ਨੂੰ ਰੋਕਣ ਲਈ ਕੀਤੇ ਗਏ ਯਤਨਾਂ ਨੂੰ ਨਕਾਰਿਆ ਹੈ।



ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਹੈ ਕਿ ਇਜ਼ਰਾਈਲ ਹਮਾਸ ਨੂੰ ਖਤਮ ਕਰਨ ਤੇ ਕਈ ਬੰਧਕਾਂ ਦੀ ਰਿਹਾਅ ਕਰਵਾ ਸਕਦਾ ਹੈ ਜੇ ਉਹ ਰਫਾਹ ਦੇ ਦੱਖਣੀ ਸ਼ਹਿਰ ਵਿਚ ਆਪਣੇ ਜ਼ਮੀਨੀ ਹਮਲੇ ਵਧਾਉਂਦਾ ਹੈ। ਰਫਾਹ ਵਿਚ ਅੱਧੀ ਤੋਂ ਵੱਧ ਆਬਾਦੀ ਨੇ ਰਾਹਤ ਕੈਂਪਾਂ ਵਿਚ ਪਨਾਹ ਲਈ ਹੋਈ ਹੈ। ਦੂਜੇ ਪਾਸੇ ਹਮਾਸ ਨੇ ਕਿਹਾ ਹੈ ਕਿ ਜਦੋਂ ਤਕ ਇਜ਼ਰਾਈਲ ਜੰਗਬੰਦੀ ਲਈ ਸਹਿਮਤ ਨਹੀਂ ਹੁੰਦਾ, ਗਾਜ਼ਾ ਤੋਂ ਆਪਣੀ ਫੌਜ ਵਾਪਸ ਨਹੀਂ ਸੱਦਦਾ ਤੇ ਫਲਸਤੀਨੀ ਕੈਦੀਆਂ ਨੂੰ ਰਿਹਾਅ ਨਹੀਂ ਕਰਦਾ ਉਹ ਤਦ ਤਕ ਬੰਧਕਾਂ ਨੂੰ ਰਿਹਾਅ ਨਹੀਂ ਕਰੇਗਾ। ਇਸ ਜੰਗ ਵਿਚ ਹੁਣ ਤਕ 32 ਹਜ਼ਾਰ ਤੋਂ ਵੱਧ ਫਲਸਤੀਨੀ ਮਾਰੇ ਗਏ ਹਨ ਤੇ ਗਾਜ਼ਾ ਪੱਟੀ ਦੇ ਜ਼ਿਆਦਾਤਰ ਹਿੱਸੇ ਨੁਕਸਾਨੇ ਗਏ ਹਨ।

# ਜੂਲੀਅਨ ਅਸਾਂਜ ਨੂੰ ਫੌਰੀ ਅਮਰੀਕਾ ਹਵਾਲੇ ਨਹੀਂ ਕੀਤਾ ਜਾ ਸਕਦਾ: ਕੋਰਟ




ਲੰਡਨ- ਬਰਤਾਨੀਆ ਦੀ ਕੋਰਟ ਨੇ ਕਿਹਾ ਕਿ ਜਾਸੂਸੀ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਵਿਕੀਲੀਕਸ ਦੇ ਬਾਨੀ ਜੂਲੀਅਨ ਅਸਾਂਜ ਨੂੰ ਫੌਰੀ ਅਮਰੀਕਾ ਦੇ ਹਵਾਲੇ ਨਹੀਂ ਕੀਤਾ ਜਾ ਸਕਦਾ। ਕੋਰਟ ਦੀਆਂ ਇਹ ਟਿੱਪਣੀਆਂ ਅਸਾਂਜ ਲਈ ਅੰਸ਼ਕ ਜਿੱਤ ਹੈ। ਹਾਈ ਕੋਰਟ ਦੇ ਦੋ ਜੱਜਾਂ ਨੇ ਕਿਹਾ ਕਿ ਜਦੋਂ ਤੱਕ ਅਮਰੀਕੀ ਅਥਾਰਿਟੀਜ਼ ਇਹ ਭਰੋਸਾ ਨਹੀਂ ਦਿਵਾਉਂਦੀਆਂ ਕਿ ਅਸਾਂਜ ਦਾ ਕੀ ਹੋਵੇਗਾ, ਉਹ ਵਿਕੀਲੀਕਸ ਦੇ ਬਾਨੀ ਨੂੰ ਆਪਣੀ ਹਵਾਲਗੀ ਖਿਲਾਫ਼ ਨਵੀਂ ਅਪੀਲ ਦਾਖ਼ਲ ਕਰਨ ਦੀ ਖੁੱਲ੍ਹ ਦੇ ਸਕਦੇ ਹਨ। ਕੋਰਟ ਦੇ ਫੈਸਲੇ ਤੋਂ ਇਹ ਤਾਂ ਸਾਫ਼ ਹੈ ਕਿ ਪਿਛਲੇ ਇਕ ਦਹਾਕੇ ਤੋਂ ਵੀ ਵੱਧ ਸਮੇਂ ਤੋਂ ਚੱਲ ਰਹੀ ਕਾਨੂੰਨ ਲੜਾਈ ਜਾਰੀ ਰਹੇਗੀ। ਕੇਸ ਦੀ ਅਗਲੀ ਸੁਣਵਾਈ 20 ਮਈ ਨੂੰ ਹੋਵੇਗੀ। ਜੱਜ ਵਿਕਟੋਰੀਆ ਸ਼ਾਰਪ ਤੇ ਜੱਜ ਜੈਰੇਮੀ ਜੌਹਨਸਨ ਨੇ ਕਿਹਾ ਕਿ ਅਮਰੀਕਾ ਵੱਲੋਂ ਜੇਕਰ ਕੋਈ ਭਰੋਸਾ ਨਾ ਦਿੱਤਾ ਗਿਆ ਤਾਂ ਉਹ ਅਸਾਂਜ ਨੂੰ ਪ੍ਰਗਟਾਵੇ ਦੀ ਆਜ਼ਾਦੀ ਦੀ ਉਲੰਘਣਾ ਤੇ ਮੌਤ ਦੀ ਸਜ਼ਾ ਸੁਣਾਏ ਜਾਣ ਦੇ ਖ਼ਦਸ਼ਿਆਂ ਦੇ ਆਧਾਰ ਉੱਤੇ ਹਵਾਲਗੀ ਨੂੰ ਚੁਣੌਤੀ ਦੇਣ ਲਈ ਨਵੀਂ ਅਰਜ਼ੀ ਦਾਖ਼ਲ ਕਰਨ ਦੀ ਪ੍ਰਵਾਨਗੀ ਦੇ ਦੇਣਗੇ।

# ਟਰੰਪ ਵੱਲੋਂ ਇਜ਼ਰਾਈਲ ਨੂੰ ਗਾਜ਼ਾ 'ਚ ਜੰਗ ਖ਼ਤਮ ਕਰਨ ਦੀ ਅਪੀਲ

ਨਿਊਯਾਰਕ- ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਉਹ ਵੀ ਹਮਾਸ ਵੱਲੋਂ 7 ਅਕਤੂਬਰ ਨੂੰ ਕੀਤੇ ਗਏ ਹਮਲੇ ਤੋਂ ਬਾਅਦ ਇਜ਼ਰਾਈਲ ਵਾਂਗ ਪ੍ਰਤੀਕਿਰਿਆ ਕਰਦੇ, ਪਰ ਉਨ੍ਹਾਂ ਨੇ ਗਾਜ਼ਾ ਵਿਚ ਆਪਣੇ ਚੱਲ ਰਹੇ ਹਮਲਿਆਂ ਨੂੰ 'ਖ਼ਤਮ' ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਉਹ (ਇਜ਼ਰਾਈਲ) ਅੰਤਰਰਾਸ਼ਟਰੀ ਸਮਰਥਨ ਗੁਆ ਰਿਹਾ ਹੈ। ਟਰੰਪ ਨੇ ਇਜ਼ਰਾਇਲੀ ਅਖ਼ਬਾਰ ਨੂੰ ਦਿੱਤੇ ਇੰਟਰਵਿਊ 'ਚ ਕਿਹਾ, "ਤੁਹਾਨੂੰ (ਇਜ਼ਰਾਈਲ) ਆਪਣੀ ਜੰਗ ਖ਼ਤਮ ਕਰਨੀ ਪਵੇਗੀ।

ਉਨ੍ਹਾਂ ਕਿਹਾ, "ਸਾਨੂੰ ਸ਼ਾਂਤੀ ਲਿਆਉਣੀ ਪਵੇਗੀ। ਤੁਸੀਂ ਇਸ ਨੂੰ ਜਾਰੀ ਨਹੀਂ ਰੱਖ ਸਕਦੇ ਅਤੇ ਮੈਂ ਇਜ਼ਰਾਈਲ ਨੂੰ ਬਹੁਤ ਸਾਵਧਾਨ ਰਹਿਣ ਲਈ ਕਹਾਂਗਾ, ਕਿਉਂਕਿ ਤੁਸੀਂ ਦੁਨੀਆਂ ਦਾ ਸਮਰਥਨ ਗੁਆ ਰਹੇ ਹੋ। ਇਹ ਲਗਭਗ ਤੈਅ ਹੈ ਕਿ ਟਰੰਪ ਇਸ ਮਹੀਨੇ ਦੇ ਸ਼ੁਰੂ ਵਿਚ ਰਾਸ਼ਟਰਪਤੀ ਚੋਣਾਂ ਲਈ ਰਿਪਬਲਿਕਨ ਪਾਰਟੀ ਦੇ ਉਮੀਦਵਾਰ ਬਣ ਜਾਣਗੇ।



ਉਸਨੇ ਇਜ਼ਰਾਈਲ ਦੇ ਹਮਲੇ ਨੂੰ ਲੈ ਕੇ ਵਿਸ਼ਵਵਿਆਪੀ ਆਲੋਚਨਾ 'ਤੇ ਗੱਲ ਕੀਤੀ। ਉਸ ਨੇ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਦੀ ਵਿਵਾਦ ਨਾਲ ਨਜਿੱਠਣ ਲਈ ਵਰਤੇ ਤਰੀਕੇ ਨੂੰ ਕਈ ਵਾਰ ਨਿਸ਼ਾਨਾ ਬਣਾਇਆ ਹੈ। ਇੰਟਰਵਿਊ ਅਨੁਸਾਰ ਟਰੰਪ ਨੇ ਕਿਹਾ ਕਿ ਇਜ਼ਰਾਈਲ ਨੇ ਗਾਜ਼ਾ ਵਿਚ ਆਪਣੇ ਹਮਲੇ ਦੀਆਂ ਫੋਟੋਆਂ ਅਤੇ ਵੀਡੀਓਜ਼ ਨੂੰ ਸਾਂਝਾ ਕਰਕੇ ਇੱਕ "ਵੱਡੀ ਗ਼ਲਤੀ" ਕੀਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਜ਼ਰਾਈਲ ਦੀ ਜਨਤਕ ਅਕਸ ਨੂੰ ਢਾਹ ਲੱਗੀ ਹੈ। ਹਾਲਾਂਕਿ ਇਹ ਟਿੱਪਣੀਆਂ ਇੰਟਰਵਿਊ ਦੇ ਸ਼ੇਅਰ ਕੀਤੇ ਵੀਡੀਓ ਵਿਚ ਨਹੀਂ ਹਨ। ਟਰੰਪ ਨੇ ਕਿਹਾ, "ਇਹ ਭਿਆਨਕ ਤਸਵੀਰਾਂ ਹਨ। ਇਹ ਦੁਨੀਆਂ ਲਈ ਬਹੁਤ ਬੁਰੀ ਤਸਵੀਰ ਹੈ।" ਪਿਛਲੇ ਸਾਲ ਅਕਤੂਬਰ 'ਚ ਦੱਖਣੀ ਇਜ਼ਰਾਈਲ 'ਤੇ ਹਮਾਸ ਦੇ ਹਮਲੇ ਤੋਂ ਬਾਅਦ ਟਰੰਪ ਨੇ ਨੇਤਨਯਾਹੂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਉਹ ਗਾਜ਼ਾ ਤੋਂ ਘਾਤਕ ਹਮਲੇ ਲਈ "ਤਿਆਰ ਨਹੀਂ"" ਸੀ।

## ਕਾਰ 'ਚ ਹੋਇਆ ਰੇਪ...ਭਾਰਤੀ ਕ੍ਰਿਕਟਰ ਨਿਖਿਲ ਚੌਧਰੀ ਫਸਿਆ



ਨਵੀਂ ਦਿੱਲੀ : ਭਾਰਤੀ ਮੂਲ ਦੇ ਕ੍ਰਿਕਟਰ ਨਿਖਿਲ ਚੌਧਰੀ ਆਸਟ੍ਰੇਲੀਆ 'ਚ ਮੁਸੀਬਤ 'ਚ ਘਿਰਦੇ ਨਜ਼ਰ ਆ ਰਹੇ ਹਨ। ਤਸਮਾਨੀਆ ਦੇ ਬਿਗ ਬੈਸ਼ ਕ੍ਰਿਕਟਰ 'ਤੇ ਬਲਾਤਕਾਰ ਦਾ ਦੋਸ਼ ਲੱਗਾ ਹੈ। ਪੀੜਤ ਔਰਤ ਦੇ ਦੋਸਤਾਂ ਨੇ ਟਾਊਨਸਵਿਲੇ ਦੀ ਜ਼ਿਲ੍ਹਾ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੇ ਉਸ ਨੂੰ ਰੋਂਦੇ ਹੋਏ ਦੇਖਿਆ ਅਤੇ ਕਿਹਾ ਕਿ ਉਸ ਨਾਲ ਬਲਾਤਕਾਰ ਹੋਇਆ ਹੈ। 27 ਸਾਲਾ ਹੋਬਾਰਟ ਹਰੀਕੇਨਸ ਖਿਡਾਰੀ ਬਲਾਤਕਾਰ ਲਈ ਦੋਸ਼ੀ ਨਾ ਹੋਣ ਦੀ ਦਲੀਲ ਦੇਣ ਤੋਂ ਬਾਅਦ ਮੁਕੱਦਮੇ 'ਤੇ ਹੈ। ਉਸ 'ਤੇ ਮਈ 2021 ਵਿਚ ਟਾਊਨਸਵਿਲੇ ਨਾਈਟ ਕਲੱਬ ਸਟ੍ਰਿਪ 'ਤੇ ਨਾਈਟ ਆਊਟ ਦੌਰਾਨ ਇਕ ਔਰਤ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ ਲਗਾਇਆ ਗਿਆ ਸੀ।

# ਕੇਜਰੀਵਾਲ ਨੂੰ ਨਿਰਪੱਖ ਤੇ ਪਾਰਦਰਸ਼ੀ ਸੁਣਵਾਈ ਦਾ ਮੌਕਾ ਮਿਲੇ: ਅਮਰੀਕਾ

ਵਾਸ਼ਿੰਗਟਨ- ਅਮਰੀਕੀ ਵਿਦੇਸ਼ ਵਿਭਾਗ ਨੇ ਕਿਹਾ ਕਿ ਉਹ ਭਾਰਤ



ਵਿਚ ਵਿਰੋਧੀ ਧਿਰ ਦੇ ਆਗੂਆਂ ਵਿਚ ਸ਼ੁਮਾਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਈਡੀ ਵੱਲੋਂ ਕੀਤੀ ਗ੍ਰਿਫ਼ਤਾਰੀ ਨੂੰ ਨੇੜਿਓਂ ਵਾਚ ਰਿਹਾ ਹੈ। ਵਿਦੇਸ਼ ਮੰਤਰਾਲੇ ਦੇ ਤਰਜਮਾਨ ਨੇ ਕਿਹਾ ਕਿ ਕੇਜਰੀਵਾਲ ਨੂੰ ਨਿਰਪੱਖ ਤੇ ਪਾਰਦਰਸ਼ੀ ਕਾਨੂੰਨ ਪ੍ਰਕਿਰਿਆ ਤੇ ਸੁਣਵਾਈ ਦਾ ਮੌਕਾ ਮਿਲਣਾ ਚਾਹੀਦਾ ਹੈ। ਭਾਰਤ ਦੀ ਸੰਘੀ ਜਾਂਚ ਏਜੰਸੀ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਕੇਜਰੀਵਾਲ ਨੂੰ ਸ਼ਰਾਬ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿਚ ਪਿਛਲੇ ਹਫ਼ਤੇ ਗ੍ਰਿਫ਼ਤਾਰ ਕੀਤਾ ਸੀ। ਇਹ ਗ੍ਰਿਫ਼ਤਾਰੀ ਅਜਿਹੇ ਮੌਕੇ ਹੋਈ ਹੈ ਜਦੋਂ ਦੇਸ਼ ਵਿਚ ਲੋਕ ਸਭਾ ਚੋਣਾਂ ਦਾ ਐਲਾਨ ਹੋ ਚੁੱਕਾ ਹੈ। ਜਰਮਨੀ ਮਗਰੋਂ ਅਮਰੀਕਾ ਅਜਿਹਾ ਦੂਜਾ ਮੁਲਕ ਹੈ ਜਿਸ ਨੇ ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਜਰਮਨ ਸਰਕਾਰ ਦੀਆਂ ਟਿੱਪਣੀਆਂ ਮਗਰੋਂ



ਭਾਰਤ ਸਰਕਾਰ ਨੇ ਸ਼ਨਿਚਰਵਾਰ ਨੂੰ ਜਰਮਨ ਸਫ਼ੀਰ ਨੂੰ ਤਲਬ ਕਰਕੇ ਰੋਸ ਜਤਾਇਆ ਸੀ। ਅਮਰੀਕੀ ਤਰਜਮਾਨ ਨੇ ਕਿਹਾ, ''ਅਸੀਂ ਮੁੱਖ ਮੰਤਰੀ ਕੇਜਰੀਵਾਲ ਲਈ ਨਿਰਪੱਖ, ਪਾਰਦਰਸ਼ੀ ਅਤੇ ਸਮੇਂ ਸਿਰ ਕਾਨੂੰਨੀ ਪ੍ਰਕਿਰਿਆ ਦੀ ਹਮਾਇਤ ਕਰਦੇ ਹਾਂ।'' ਜਰਮਨੀ ਦੇ ਵਿਦੇਸ਼ ਵਿਭਾਗ ਦੇ ਤਰਜਮਾਨ ਸੈਬੇਸਟੀਅਨ ਫਿਸ਼ਰ ਨੇ ਸ਼ੁੱਕਰਵਾਰ ਨੂੰ ਪ੍ਰੈੱਸ ਕਾਨਫਰੰਸ ਦੌਰਾਨ ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਪੁੱਛੇ ਸਵਾਲ ਦੇ ਜਵਾਬ ਵਿਚ ਕਿਹਾ ਸੀ ਕਿ ਦੋਸ਼ਾਂ ਦਾ ਸਾਹਮਣਾ ਕਰ ਰਹੇ ਕਿਸੇ ਹੋਰ ਵਿਅਕਤੀ ਵਾਂਗ ਕੇਜਰੀਵਾਲ ਨਿਰਪੱਖ ਤੇ ਪਾਰਦਰਸ਼ੀ ਸੁਣਵਾਈ ਦੇ ਹੱਕਦਾਰ ਹਨ। ਫਿਸ਼ਰ ਨੇ ਕਿਹਾ ਸੀ, ''ਅਸੀਂ ਇਹ ਮੰਨਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਨਿਆਂਪਾਲਿਕਾ ਦੀ ਆਜ਼ਾਦੀ ਨਾਲ ਸਬੰਧਤ ਮਾਪਦੰਡ ਅਤੇ ਬੁਨਿਆਦੀ ਜਮਹੂਰੀ ਸਿਧਾਂਤਾਂ ਨੂੰ ਵੀ ਇਸ ਮਾਮਲੇ ਵਿੱਚ ਲਾਗੂ ਕੀਤਾ ਜਾਵੇਗਾ।'' ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਜਰਮਨ ਅੰਬੈਸੀ ਦੇ ਡਿਪਟੀ ਚੀਫ਼ ਆਫ਼ ਮਿਸ਼ਨ ਜੌਰਜ ਐਂਜ਼ਵੀਲਰ ਨੂੰ ਤਲਬ ਕਰਕੇ ਸਖਤ ਰੋਸ ਜਤਾਇਆ ਸੀ। ਮੰਤਰਾਲੇ ਨੇ ਕਿਹਾ ਸੀ ਕਿ 'ਅਸੀਂ ਅਜਿਹੀਆਂ ਟਿੱਪਣੀਆਂ ਸਾਡੀ ਨਿਆਂਪਾਲਿਕਾ ਦੀ ਆਜ਼ਾਦੀ ਨੂੰ ਕਮਜ਼ੋਰ ਕਰਨ ਵਜੋਂ ਦੇਖਦੇ ਹਾਂ ਤੇ ਇਸ ਮਸਲੇ ਨੂੰ ਲੈ ਕੇ ਬਣਾਈਆਂ ਗਈਆਂ ਧਾਰਨਾਵਾਂ ਗੈਰ-ਵਾਜਬ ਹਨ।''

# ਟੈਕਸਾਸ 'ਚ ਤਿੰਨ ਬੱਚਿਆਂ ਨੇ ਬੈਂਕ ਲੁੱਟਣ ਦੀ ਵਾਰਦਾਤ ਨੂੰ ਦਿੱਤਾ ਅੰਜਾਮ

ਨਿਊਯਾਰਕ (ਰਾਜ ਗੋਗਨਾ)- ਅਸੀਂ ਸਾਰੇ ਹੀ ਜਾਣਦੇ ਹਾਂ ਕਿ ਬੱਚੇ ਖੇਡਾਂ ਨੂੰ ਪਸੰਦ ਕਰਦੇ ਹਨ। ਕੁਝ ਬੱਚੇ ਇਨਡੋਰ ਖੇਡਾਂ ਨੂੰ ਤਰਜੀਹ ਦਿੰਦੇ ਹਨ। ਕੁਝ ਬੱਚੇ ਬਾਹਰ ਖੇਡਦੇ ਰਹੇ ਹਨ। ਪਰ ਕੁਝ ਅਜਿਹੇ ਵੀ ਬੱਚੇ ਹਨ



ਜੋ ਟਾਈਮ ਪਾਸ ਕਰਨ ਲਈ ਬੈਂਕ ਲੁੱਟਦੇ ਹਨ। ਹੁਣ ਆਓ ਜਾਣਦੇ ਹਾਂ ਕਿ ਇਹ ਦਿਲਚਸਪ ਘਟਨਾ ਕਦੋਂ ਅਤੇ ਕਿੱਥੇ ਵਾਪਰੀ। ਨਕਲੀ ਪਿਸਤੌਲਾਂ ਨਾਲ ਚੋਰ ਅਤੇ ਪੁਲਿਸ ਦੇ ਖੇਡਣ ਵਾਲੀ ਉਮਰ ਦੇ ਤਿੰਨ ਬੱਚਿਆਂ ਨੇ ਬੈਂਕ ਲੁੱਟਣ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਇਹ ਜਾਣ ਕੇ ਹੈਰਾਨੀ ਹੋਵੇਗੀ ਕਿ ਇਨ੍ਹਾਂ ਬੱਚਿਆਂ ਦੀ ਉਮਰ ਸਿਰਫ਼ 11, 12, ਅਤੇ 16 ਸਾਲ ਹੈ। ਇਹ ਅਜੀਬ ਮਾਮਲਾ ਅਮਰੀਕਾ ਦੇ ਟੈਕਸਾਸ ਸੂਬੇ 'ਚ ਸਾਹਮਣੇ ਆਇਆ ਹੈ। ਜਿਨ੍ਹਾਂ ਵਿਚ ਤਿੰਨ ਲੜਕਿਆਂ ਨੇ ਮਿਲ ਕੇ ਹਿਊਸਟਨ, ਟੈਕਸਾਸ ਵਿਚ ਇੱਕ ਸਥਾਨਕ ਬੈਂਕ ਨੂੰ ਲੁੱਟਿਆ। ਪੁਲਿਸ ਨੇ ਦੱਸਿਆ ਕਿ ਬੀਤੀ 14 ਮਾਰਚ ਨੂੰ ਉਹ ਗ੍ਰੀਨ ਪੁਆਇੰਟ ਖੇਤਰ ਵਿਚ ਇੱਕ ਵੇਲਜ਼ ਫਾਰਗੋ ਨਾਂ ਦੀ ਬੈਂਕ ਵਿਚ ਗਏ ਅਤੇ ਟੈਲਰ ਨੂੰ ਇੱਕ ਧਮਕੀ ਭਰਿਆ ਨੋਟ ਸੌਂਪਿਆ। ਬਾਅਦ ਵਿਚ ਉਹ ਬੈਂਕ ਵਿਚੋਂ ਪੈਸੇ ਲੁੱਟ ਕੇ ਉਥੋਂ ਫਰਾਰ ਹੋ ਗਏ। ਜਦੋਂ ਪੁਲਿਸ ਨੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਜਾਂਚ ਕੀਤੀ ਤਾਂ ਉਹ ਇਹ ਜਾਣ ਕੇ ਹੈਰਾਨ ਰਹਿ ਗਏ ਕਿ ਬੱਚਿਆਂ ਨੇ ਬੈਂਕ ਡਕੈਤੀ ਕੀਤੀ ਹੈ। ਰਿਟਾਇਰਡ ਜੁਵੇਨਾਈਲ ਡਿਸਟ੍ਰਿਕਟ ਕੋਰਟ ਦੇ ਜੱਜ ਮਾਈਕ ਸ਼ਨਾਈਡਰ ਨੇ ਮੀਡੀਆ ਨੂੰ ਦੱਸਿਆ ਕਿ ਇਹ ਪਹਿਲੀ ਵਾਰ ਹੈ ਕਿ ਉਨ੍ਹਾਂ ਨੇ ਇਸ ਤਰ੍ਹਾਂ ਦਾ ਮਾਮਲਾ ਦੇਖਿਆ ਹੈ। ਹੈਰਿਸ ਕਾਉਂਟੀ ਸ਼ੈਰਿਫ ਦੇ ਦਫਤਰ ਦੇ ਅਨੁਸਾਰ, ਲੜਕਿਆਂ ਨੇ ਲੁੱਟ ਦੇ ਦੌਰਾਨ ਕੈਸ਼ੀਅਰ ਨੂੰ ਬੰਦੂਕ ਨਹੀਂ ਦਿਖਾਈ। ਪਰ ਉਨ੍ਹਾਂ ਨੇ ਬੈਂਕ ਦੇ ਕੈਸ਼ੀਅਰ ਨੂੰ ਇਕ ਧਮਕੀ ਭਰਿਆ ਨੋਟ ਦਿੱਤਾ ਕਿ ਉਨ੍ਹਾਂ ਕੋਲ ਹਥਿਆਰ ਹੈ। ਬਾਅਦ ਵਿਚ ਉਹ ਪੈਸੇ ਲੈ ਕੇ ਉਥੋਂ ਫ਼ਰਾਰ ਹੋ ਗਏ। ਇਸ ਘਟਨਾ ਤੋਂ ਬਾਅਦ ਪੁਲਿਸ ਨੇ ਵੱਖ-ਵੱਖ ਥਾਵਾਂ 'ਤੇ ਇਨ੍ਹਾਂ ਤਿੰਨਾਂ ਲੁਟੇਰਿਆਂ (ਬੱਚਿਆਂ) ਦੀਆਂ ਤਸਵੀਰਾਂ ਵਾਲੇ ਪੋਸਟਰ ਲਗਾ ਦਿੱਤੇ। ਇਨ੍ਹਾਂ ਪੋਸਟਰਾਂ ਨੂੰ ਦੇਖ ਕੇ ਲੜਕਿਆਂ ਦੇ ਮਾਪਿਆਂ ਨੇ ਇਨ੍ਹਾਂ ਨੂੰ ਪੁਲਿਸ ਹਵਾਲੇ ਕਰ ਦਿੱਤਾ।

# ਕੈਨੇਡਾ ਵਿਚ ਭਾਰਤੀ ਦੀ ਚਮਕੀ ਕਿਸਮਤ, 6.13 ਕਰੋੜ ਰੁਪਏ ਤੋਂ ਵੱਧ ਦੀ ਲੱਗੀ ਲਾਟਰੀ




ਹਰ ਕੋਈ ਬਹੁਤ ਸਾਰਾ ਪੈਸਾ ਕਮਾਉਣਾ ਅਤੇ ਅਮੀਰ ਬਣਨਾ ਚਾਹੁੰਦਾ ਹੈ। ਦੁਨੀਆ ਵਿੱਚ ਬਹੁਤ ਸਾਰੇ ਲੋਕ ਅਜਿਹੇ ਹਨ ਜੋ ਆਪਣੀ ਮਿਹਨਤ ਨਾਲ ਬਹੁਤ ਸਾਰਾ ਪੈਸਾ ਕਮਾਉਂਦੇ ਹਨ। ਹਾਲਾਂਕਿ ਕਈ ਲੋਕ ਅਜਿਹੇ ਹਨ ਜਿਨ੍ਹਾਂ ਦੀ ਕਿਸਮਤ ਰਾਤੋ-ਰਾਤ ਬਦਲ ਜਾਂਦੀ ਹੈ ਅਤੇ ਉਹ ਕਰੋੜਾਂ ਰੁਪਏ ਦੇ ਮਾਲਕ ਬਣ ਜਾਂਦੇ ਹਨ। ਹੁਣ ਇਸੇ ਤਰ੍ਹਾਂ ਦੀ ਇਕ ਹੋਰ ਖ਼ਬਰ ਕੈਨੇਡਾ ਤੋਂ ਸਾਹਮਣੇ ਆਈ ਹੈ। ਜਿਥੇ ਭਾਰਤੀ ਮੂਲ ਦੇ ਇਕ ਵਿਅਕਤੀ ਦੀ 10 ਲੱਖ ਕੈਨੇਡੀਅਨ ਡਾਲਰ ਦੀ ਲਾਟਰੀ ਲੱਗੀ ਹੈ। ਜੇਕਰ ਇਸ ਰਕਮ ਨੂੰ ਰੁਪਏ ਵਿੱਚ ਬਦਲਿਆ ਜਾਵੇ ਤਾਂ ਇਹ 6.13 ਕਰੋੜ ਰੁਪਏ ਤੋਂ ਵੱਧ ਦੀ ਰਕਮ ਬਣਦੀ ਹੈ। ਲਾਟਰੀ ਜੇਤੂ ਸੰਦੀਪ ਪਟੇਲ ਕੈਨੇਡਾ ਦੇ ਓਨਟਾਰੀਓ ਖੇਤਰ ਦੇ ਅਰਨਪ੍ਰਿਅਰ ਨਾਂ ਦੇ ਕਸਬੇ ਵਿੱਚ ਰਹਿੰਦਾ ਹੈ ਅਤੇ ਆਪਣਾ ਕਾਰੋਬਾਰ ਵੀ ਚਲਾਉਂਦਾ ਹੈ। ਸੰਦੀਪ ਪਟੇਲ ਹਫ਼ਤੇ ਵਿੱਚ 2 ਤੋਂ 3 ਲਾਟਰੀ ਦੀਆਂ ਟਿਕਟਾਂ ਖਰੀਦਦਾ ਸੀ।

# ਅਮਰੀਕਾ ਪੁਲ ਹਾਦਸਾ- ਜਹਾਜ਼ ਦੇ ਚਾਲਕ ਦਲ ਨੂੰ ਹੀਰੋ ਕਿਹਾ

ਬਾਲਟੀਮੋਰ : ਅਮਰੀਕਾ ਦੇ ਬਾਲਟੀਮੋਰ ਸ਼ਹਿਰ 'ਚ ਇਕ ਮਾਲਵਾਹਕ ਜਹਾਜ਼ ਇਕ ਪੁਲ ਨਾਲ ਟਕਰਾ ਗਿਆ, ਜਿਸ ਕਾਰਨ ਪੁਲ ਟੁੱਟ ਕੇ ਹੇਠਾਂ ਨਦੀ 'ਚ ਜਾ ਡਿੱਗਿਆ। ਹਾਦਸੇ ਵਿੱਚ ਛੇ ਲੋਕ ਲਾਪਤਾ ਹਨ। ਹਾਦਸੇ ਬਾਰੇ ਮੈਰੀਲੈਂਡ ਦੇ ਗਵਰਨਰ ਵੇਸ ਮੂਰ ਨੇ ਕਿਹਾ ਕਿ ਪੁਲ ਨਾਲ ਟਕਰਾਏ ਜਹਾਜ਼ ਦੇ ਚਾਲਕ ਦਲ ਦੇ 22 ਮੈਂਬਰ ਸਾਰੇ ਭਾਰਤੀ ਹਨ। ਪੁਲ ਨਾਲ ਟਕਰਾਉਣ ਤੋਂ ਪਹਿਲਾਂ ਇੱਕ ਚੇਤਾਵਨੀ ਸੰਦੇਸ਼ ਜਾਰੀ ਕੀਤਾ ਗਿਆ ਸੀ, ਜਿਸ ਨਾਲ ਅਧਿਕਾਰੀਆਂ ਨੂੰ ਆਵਾਜਾਈ ਨੂੰ ਸੀਮਤ ਕਰਨ ਵਿੱਚ ਮਦਦ ਮਿਲੀ। ਜਹਾਜ਼ ਪੁਲ ਦੇ ਇੱਕ ਥੰਮ੍ਹ ਨਾਲ ਟਕਰਾ ਗਿਆ, ਜਿਸ ਕਾਰਨ ਢਾਂਚਾ ਕਈ ਥਾਵਾਂ ਤੋਂ ਟੁੱਟ ਗਿਆ ਅਤੇ ਸਕਿੰਟਾਂ ਵਿੱਚ ਪਾਣੀ ਵਿੱਚ ਡਿੱਗ ਗਿਆ। ਕਿਸੇ ਨੇ ਇਸ ਘਟਨਾ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਪਾ ਦਿੱਤੀ। ਇਸ ਦੌਰਾਨ ਜਹਾਜ਼ ਨੂੰ ਅੱਗ ਲੱਗ ਗਈ ਅਤੇ ਉਸ ਵਿੱਚੋਂ ਕਾਲਾ ਧੂੰਆਂ



ਨਿਕਲਣ ਲੱਗਾ। ਮੈਰੀਲੈਂਡ ਦੇ ਗਵਰਨਰ ਵੇਸ ਮੂਰ ਨੇ ਕਿਹਾ, 'ਇਹ ਲੋਕ ਹੀਰੋ ਹਨ। ਉਸ ਨੇ ਬੀਤੀ ਰਾਤ ਲੋਕਾਂ ਦੀ ਜਾਨ ਬਚਾਈ। ਉਨ੍ਹਾਂ ਕਿਹਾ ਕਿ ਜਹਾਜ਼ 14 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਅੱਗੇ ਵਧ ਰਿਹਾ ਸੀ। ਜਹਾਜ਼ ਦੇ ਪਿਅਰ ਨਾਲ ਟਕਰਾਉਣ ਤੋਂ ਕੁਝ ਪਲ ਪਹਿਲਾਂ 'ਮਏਡੇ' (ਐਮਰਜੈਂਸੀ) ਚੇਤਾਵਨੀ ਦਿੱਤੀ ਗਈ ਸੀ। ਇਸ ਨਾਲ ਜਾਨਾਂ ਬਚਾਉਣ ਵਿੱਚ ਮਦਦ ਮਿਲੀ ਕਿਉਂਕਿ ਸੜਕੀ ਆਵਾਜਾਈ ਨੂੰ ਰੋਕਿਆ ਜਾ ਸਕਦਾ ਸੀ।

# ਵਰੁਣ, ਮੇਨਕਾ ਅਤੇ ਬ੍ਰਿਜਭੂਸ਼ਣ ਦਾ ਸਟਾਰ ਪ੍ਰਚਾਰਕਾਂ ਦੀ ਲਿਸਟ 'ਚ ਨਾਂ ਨਹੀਂ

ਲਖਨਊ : ਬੀਜੇਪੀ ਨੇ ਪਹਿਲੇ ਪੜਾਅ ਲਈ ਯੂਪੀ ਦੇ ਸਟਾਰ ਪ੍ਰਚਾਰਕਾਂ ਦੀ ਲਿਸਟ ਜਾਰੀ ਕਰ ਦਿੱਤੀ ਹੈ। ਇਸ ਵਿਚ ਪੀਐਮ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਯੂਪੀ ਦੇ ਸੀਐਮ ਯੋਗੀ ਸਮੇਤ 40 ਨਾਂ ਹਨ।



ਹਾਲਾਂਕਿ ਲਿਸਟ ਵਿਚ ਸੁਲਤਾਨਪੁਰ ਤੋਂ ਸਾਂਸਦ ਮੇਨਕਾ ਗਾਂਧੀ ਅਤੇ ਉਨ੍ਹਾਂ ਦੇ ਬੇਟੇ ਵਰੁਣ ਗਾਂਧੀ ਦਾ ਨਾਂ ਨਹੀਂ ਹੈ। ਇਸ ਦੇ ਨਾਲ ਹੀ ਕੇਸਰਗੰਜ ਤੋਂ ਸਾਂਸਦ ਬ੍ਰਿਜਭੂਸ਼ਣ ਸਿੰਘ ਦਾ ਨਾਂ ਵੀ ਲਿਸਟ ਵਿਚ ਨਹੀਂ ਹੈ।

ਮੱਧਪ੍ਰਦੇਸ਼ ਦੇ ਸੀਐਮ ਮੋਹਨ ਯਾਦਵ, ਰਾਜਸਥਾਨ ਦੇ ਸੀਐਮ ਭਜਨ ਲਾਲ ਸ਼ਰਮਾ, ਉਰਤਾਖੰਡ ਦੇ ਸੀਐਮ ਪੁਸ਼ਕਰ ਸਿੰਘ ਧਾਮੀ ਦਾ ਨਾਂ ਵੀ ਸਟਾਰ ਪ੍ਰਚਾਰਕਾਂ ਦੀ ਲਿਸਟ ਵਿਚ ਹੈ। ਪ੍ਰਚਾਰਕਾਂ ਦੀ ਲਿਸਟ ਵਿਚ ਦੋਵੇਂ ਡਿਪਟੀ ਸੀਐਮ ਬਰਜੇਸ਼ ਪਾਠਕ ਅਤੇ ਕੇਸ਼ਵ ਮੌਰਿਆ ਸਮੇਤ ਯੂਪੀ ਦੇ 12 ਮੰਤਰੀਆਂ ਦੇ ਨਾਂ ਵੀ ਹਨ।

# ਬਾਲਟੀਮੋਰ ਪੁਲ ਹਾਦਸੇ ਨੂੰ ਭਾਰਤੀ ਸਫ਼ਾਰਤਖ਼ਾਨੇ ਨੇ ਮੰਦਭਾਗਾ ਕਰਾਰ ਦਿੱਤਾ

ਅਮਰੀਕਾ ਵਿੱਚ ਭਾਰਤੀ ਦੂਤਘਰ ਨੇ ਮੈਰੀਲੈਂਡ ਸੂਬੇ ਦੇ ਬਾਲਟੀਮੋਰ ਵਿੱਚ ਮਾਲਵਾਹਕ ਜਹਾਜ਼ ਦੇ ਵੱਡੇ ਪੁਲ ਨਾਲ ਟਕਰਾਉਣ ਅਤੇ ਇਸ ਦੇ ਸਿੱਟੇ ਵਜੋਂ ਪੁਲ ਦੇ ਨਦੀ ਵਿੱਚ ਡਿੱਗਣ ਦੀ ਘਟਨਾ ਨੂੰ 'ਮੰਦਭਾਗਾ ਹਾਦਸਾ' ਕਰਾਰ ਦਿੱਤਾ ਹੈ। ਜਹਾਜ਼ ਨੂੰ 22 ਮੈਂਬਰੀ ਭਾਰਤੀ ਚਾਲਕ ਦਲ ਦੁਆਰਾ ਚਲਾਇਆ ਗਿਆ ਸੀ। ਇਸ ਘਟਨਾ ਨੇ ਉੱਤਰ-ਪੂਰਬੀ ਸੰਯੁਕਤ ਰਾਜ ਦੇ ਸਭ ਤੋਂ ਮਹੱਤਵਪੂਰਨ ਬੰਦਰਗਾਹਾਂ ਵਿੱਚੋਂ ਇੱਕ 'ਤੇ ਕੰਮ ਠੱਪ ਹੋ ਗਿਆ ਹੈ। ਇਸ ਘਟਨਾ 'ਚ 6 ਵਿਅਕਤੀਆਂ ਦੇ ਮਾਰੇ ਜਾਣ ਦਾ ਖਦਸ਼ਾ ਹੈ। ਮੈਰੀਲੈਂਡ ਦੇ ਗਵਰਨਰ ਵੇਸ ਮੂਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਕਾਰਗੋ ਜਹਾਜ਼ ਦੇ ਚਾਲਕ ਦਲ ਨੇ ਕੰਟੇਨਰ 'ਚ ਬਿਜਲੀ ਸਬੰਧੀ ਸਮੱਸਿਆ ਬਾਰੇ ਜਾਣਕਾਰੀ ਦਿੱਤੀਸੀ ਤੇ ਇਸ ਮਗਰੋਂ ਪੁਲ 'ਤੇ ਆਵਾਜਾਈ ਨੂੰ ਸੀਮਤ ਕਰ ਦਿੱਤਾ ਸੀ। ਚਾਲਕ ਦਲ ਦੇ 22 ਮੈਂਬਰ ਸਨ ਅਤੇ ਸਾਰੇ ਭਾਰਤੀ ਸਨ। ਬਿਆਨ ਵਿਚ ਕਿਹਾ ਗਿਆ ਹੈ ਕਿ ਦੋ ਪਾਇਲਟਾਂ ਸਮੇਤ ਚਾਲਕ ਦਲ ਦੇ ਸਾਰੇ ਮੈਂਬਰ ਸੁਰੱਖਿਅਤ ਹਨ ਅਤੇ ਕੋਈ ਜ਼ਖਮੀ ਨਹੀਂ ਹੋਇਆ ਹੈ।

# ਪੰਜਾਬੀ ਸਿੱਖਣ ਲਈ ਕਿਤਾਬਾਂ

## ਜੀ ਸੀ ਐਸ ਈ ਦੀ ਤਿਆਰੀ ਲਈ ਬੱਚਿਆਂ ਨੂੰ ਤੋਹਫ਼ੇ GIFT ਵਜੋਂ ਇਹ ਕਿਤਾਬਾਂ ਦਿਓ ਤੇ ਪੰਜਾਬੀ ਨਾਲ ਜੋੜੋ

ਜੇ ਤੁਹਾਡੇ ਬੱਚੇ ਜਾਂ ਤੁਸੀਂ ਪੰਜਾਬੀ ਪੜ੍ਹਨੀ ਲਿਖਣੀ ਸਿੱਖਣੀ ਚਾਹੁੰਦੇ ਹੋ, ਤਾਂ ਇਸ ਬਾਬਤ ਪੰਜਾਬ ਟਾਈਮਜ਼ ਕੋਲ 1 ਤੋਂ 4 ਲੈਵਲ ਤੱਕ ਚਾਰ ਪੁਸਤਕਾਂ ਇੰਗਲੈਂਡ ਦੇ ਸਕੂਲ ... ਐਸੋਸੀਏਸ਼ਨ ਦੀ ਅਗਵਾਈ ਨਾਲ ਛਾਪੀਆਂ ਗਈਆਂ ਹਨ। ਕਿਤਾਬਾਂ (Work Books) ਦੀ ਮਦਦ ਨਾਲ ਤੁਸੀਂ ਆਸਾਨੀ ਨਾਲ ਬੱਚਿਆਂ ਨੂੰ ਪੰਜਾਬੀ ਸਿਖਾ ਸਕਦੇ ਹੋ। ਇਹਨਾਂ ਪੁਸਤਕਾਂ ਨਾਲ ਅੰਗਰੇਜ਼ੀ ਵਾਲੇ ਪੰਜਾਬੀ ਸਿੱਖ ਸਕਦੇ ਹਨ ਪੁਸਤਕਾਂ ਦੀ ਕੀਮਤ ਕੇਵਲ ਲਾਗਤ ਮਾਤਰ ਹੀ ਰੱਖੀ ਗਈ ਹੈ। ਇਹ ਪੁਸਤਕਾਂ ਮੁਨਾਫ਼ਾ ਕਮਾਉਣ ਲਈ ਨਹੀਂ ਬਲਕਿ ਪੰਜਾਬੀ ਦੇ ਪ੍ਰਚਾਰ ਹਿੱਤ ਬਹੁਤ ਹੀ ਸਾਦੀਆਂ ਤਰੀਕਿਆਂ ਨਾਲ ਬਣਾਈਆਂ ਗਈਆਂ ਹਨ।




ਇਹ ਕਿਤਾਬ ਤੁਹਾਡੇ ਆਪਣੇ ਬੱਚੇ ਸਕੇਸਿਆਂ ਨੂੰ ਦੇਣ ਲਈ ਵੀ ਬਹੁਤ ਲਾਭਦਾਇਕ ਹੈ। ਜਿਸ ਤੋਂ ਤੁਸੀਂ ਅੰਗਰੇਜ਼ੀ ਤੋਂ ਪੰਜਾਬੀ ਅਤੇ ਪੰਜਾਬੀ ਤੋਂ ਅੰਗਰੇਜ਼ੀ ਬੜੇ ਆਸਾਨ ਤਰੀਕੇ ਨਾਲ ਸਿੱਖ ਸਕਦੇ ਹੋ

4 ਕਿਤਾਬਾਂ ਦੇ ਸੈੱਟ ਦੀ ਕੀਮਤ ਕੇਵਲ £15.00 ਪੌਂਡ (ਡਾਕ ਖਰਚ ਸਮੇਤ) ਹੈ
ਕਿਤਾਬਾਂ ਦੇ 10 ਸੈੱਟਾਂ ਤੋਂ ਉੱਪਰ ਆਰਡਰ ਤੇ ਡਿਸਕਾਊਂਟ ਦਿੱਤਾ ਜਾਵੇਗਾ।

ਕਿਤਾਬਾਂ ਮੰਗਵਾਉਣ ਲਈ ਤੁਸੀਂ ਹੇਠਾਂ ਦਿੱਤੇ ਨੰਬਰਾਂ ਤੇ ਸੰਪਰਕ ਕਰ ਸਕਦੇ ਹੋ

**Whats App (M) 07966 388388**

## PANJAB TIMES

BRIDLE GATE LANE, ALVASTON, DERBY, DE24 0QW, U.K.
Email: panjabtimes@gmail.com,
www.panjabtimes.co.uk TEL: 01332 372 851

www.fb.com/punjabtimesuk



# ਨਿਰਮਾਨ ਸੇਵਕ ਜਥਾ ਸਿੱਖ ਟੈਂਪਲ, ਬ੍ਰਿਸਟਲ ਵਿਖੇ ਕੀਰਤਨੀ ਜਥੇ (ਦੋ ਧਾਰਮਿਕ ਸੇਵਾਦਾਰਾਂ) ਦੀ ਲੋੜ

**An opportunity has arisen for two Religious Workers at Nirman Sewak Jatha Sikh Heritage Ltd in Bristol**

**The duties of the Religious Workers will include:**
Reading from Guru Granth Sahib Ji, Hymn singing, reciting prayers. Assisting and conducting daily and weekly Diwans, marriages, engagements, funerals and other religious ceremonies. Should be able to teach Gurbani Kirtan, Path and playing instruments (i.e. Vaaja and Tabla). Working collaboratively with the Managing Committee and volunteers. The workers will be responsible for locking and unlocking the Gurdwara premises.

**LOCATION: BRISTOL UK, NIRMAN SEWAK JATHA**
**11 SUMMERHILL ROAD, ST. GEORGE, BRISTOL UK BS5 8HG**

**REQUIREMENTS:** Must be able to read and speak Punjabi (Gurmukhi). Clean character certificate required from previous employer. Should have good communicational and interpersonal skills. A clean DBS or equivalent check is required if accepted. Preference will be given to qualified and experienced candidates who should be a UK resident or have the right to work in the UK.

**DURATION & REMUNERATION:** Employment will consist of 20 hours per week. The first 3 months will be a probation period. If performance is satisfactory the duration could be extended to 12 Months.

**RATE: Salary will be in accordance to UK employment law, plus reasonable expenses.**

**HOW TO APPLY:** CV supplemented with video evidence and the details of 2 referees

**CLOSING DATE: 3rd April 2024**

**PLEASE APPLY TO ADDRESS BELOW OR CONTACT**
**MR. BALDEV SINGH ROUDH 07838517552**
**Email:secretary@nirmansewakjatha.org.uk**

**Nirman Sewak Jatha - Sikh Temple, Bristol**
**11 SUMMERHILL ROAD, ST. GEORGE, BRISTOL, BS5 8HG, U.K.**



# GSD

## GSD ESTATE AGENTS

**RESIDENTIAL & COMMERCIAL PROPERTY EXPERTS**
**SALES • LETTINGS • MANAGEMENT**

**EXPERIENCED & INDEPENDENT**
**FAMILY OWNED & OPERATED**

**How much is your home worth ?**
**More properties wanted for qualified applicants**
**We can sell or let your properties fast**
**2-3 year rent guarantee schemes available**

## ਜੀ. ਐਸ. ਡੀ. ਇਸਟੇਟ ਏਜੰਟਸ

**ਤੁਹਾਡੇ ਘਰ ਦੀ ਕਿੰਨੀ ਕੀਮਤ ਹੈ ?**
ਤੁਹਾਡੀ ਜਾਇਦਾਦ ਵੇਚਣ ਜਾਂ ਕਿਰਾਏ 'ਤੇ ਦੇਣ ਲਈ ਤੁਹਾਡੀ ਮਦਦ ਕਰ ਸਕਦੇ ਹਾਂ।
ਯੋਗ ਅਰਜ਼ੀ ਕਰਤਾਵਾਂ ਲਈ ਹੋਰ ਜਾਇਦਾਦਾਂ ਚਾਹੀਦੀਆਂ ਹਨ।
ਗਰੰਟੀ 'ਤੇ ਕਿਰਾਏ ਲਈ 2-3 ਸਾਲ ਦੀਆਂ ਸਕੀਮਾਂ ਵੀ ਉਪਲਬਧ ਹਨ।
ਜਾਇਦਾਦ ਸਬੰਧੀ ਕਾਰੋਬਾਰ ਤੇ ਪ੍ਰੋਫੈਸ਼ਨਲ ਮਾਹਿਰਾਂ ਦੀ ਸਲਾਹ ਜ਼ਰੂਰ ਲਵੋ

**EXCELLENCE AS STANDARD** *Supporting a greener future*

**Director: Mr Gurjeet Singh Dhariwal**

**Visit our website: www.gsdestates.com**
**Tel: 020 8570 1284 Email: info@gsdestates.com**
**10 New Heston Road, Heston, TW5 0LJ**
GSD Estate Agents Ltd. Company No: 06529322. All rights reserved



# ਸੁਮਨ ਮੈਰਿਜ ਬਿਊਰੋ (ਇੰਟਰਨੈਸ਼ਨਲ)

## UK's FIRST ASIAN MARRIAGE BUREAU

**Guaranteed introduction service - Since 1972**
CURRENTLY SEEKING MATCHES FOR THE FOLLOWING
JAT SIKH GIRLS (F) & BOYS (M) - (*with turban/beard):

| | | | | |
|---|---|---|---|---|
| 26 | 5'04" | BSc Optometry | Optometrist | Single (F) |
| 27 | 5'03" | B.A. History | Product Manager | Single (F) |
| 27 | 5'07" | M.D. | Doctor | Single (F) |
| 29 | 5'09" | LLB (Hons) | Lawyer (Solicitor) | Single (F) |
| 29 | 5'08" | DDA | Dentist | Single (F) |
| 29 | 5'04" | LLB (Hons) , LPC | Trainee Solicitor | Single (F) |
| 29 | 5'07" | ACCA | Accountant | Single (F) |
| 27 | 6'02" | Graduate | Financial Sector | Single (M) |
| 29 | 5'10"* | MBChB | Doctor-GP Training | Single (M) |
| 29* | 6'00" | M.Pharm | Pharmacy Area Man. | Single (M) |
| 29 | 6'04" | Graduation | Business Owner | Single (M) |
| 30 | 5'11" | Graduation | Business Owner | Single (M) |

**OVER 50 YEARS OF MATCHMAKING**
Please feel free to contact us to discuss your requirements in confidence and without any obligation! English/Punjabi spoken.

## SUMAN MARRIAGE BUREAU

**Bespoke Matchmaking Service**

**0121 582 9995 or 020 8571 5145**

**WhatsApp/Signal: 07485 708717**

Web: **www.s-m-b.com** Email: **info@s-m-b.com**

Providing a personal matchmaking service for all Asian communities
Follow us on Facebook: www.facebook.com/SumanMarriageBureau
Instagram: @SumanMarriageBureau

**WE HAVE CLIENTS ALL OVER UK**

# ਨਿਹੰਗ ਸਿੰਘਾਂ ਵੱਲੋਂ ਕੱਢੇ ਮਹੱਲੇ ਨਾਲ ਹੋਲਾ ਮਹੱਲਾ ਸਮਾਪਤ

## ਲਗਪਗ 20 ਲੱਖ ਤੋਂ ਵੱਧ ਸੰਗਤ ਸ੍ਰੀ ਆਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਹੋਈ ਨਤਮਸਤਕ

ਇੱਥੇ ਅੱਜ ਹੋਲੇ ਮਹੱਲੇ ਮੌਕੇ ਇਤਿਹਾਸਕ ਚਰਨ ਗੰਗਾ ਸਟੇਡੀਅਮ ਵਿੱਚ ਬਾਬਾ ਬੁੱਢਾ ਦਲ ਦੇ ਮੁਖੀ ਬਾਬਾ ਬਲਵੀਰ ਸਿੰਘ 96ਵੇਂ ਕਰੋੜੀ ਦੀ ਅਗਵਾਈ ਹੇਠ ਵੱਖ-ਵੱਖ ਜਥੇਬੰਦੀਆਂ ਵੱਲੋਂ ਕੱਢੇ ਗਏ ਮਹੱਲੇ ਵਿੱਚ ਜੰਗਜੂਆਂ ਨੇ ਆਪਣੇ ਕਰਤਬਾਂ ਨਾਲ ਸਭ ਦਾ ਮਨ ਮੋਹ ਲਿਆ। ਇਹ ਮਹੱਲਾ ਅੱਜ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ ਹੋ ਗਿਆ।

ਇੱਕ ਅਨੁਮਾਨ ਮੁਤਾਬਕ ਹੁਣ ਤੱਕ 20 ਲੱਖ ਤੋਂ ਵੱਧ ਸੰਗਤ ਨੇ ਇੱਥੇ ਆਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਦੇ ਗੁਰ ਘਰਾਂ ਵਿੱਚ ਹਾਜ਼ਰੀ ਲਗਵਾਈ। ਬੀਤੇ ਛੇ ਦਿਨਾਂ ਤੋਂ ਖਾਲਸਾ ਨਗਰੀ ਸ੍ਰੀ ਆਨੰਦਪੁਰ ਸਾਹਿਬ ਨੀਲੇ ਤੇ ਕੇਸਰੀ ਬਾਣਿਆਂ ਵਿੱਚ ਪੁੱਜੀ ਸੰਗਤ ਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਹੇਠ ਖਾਲਸਈ ਰੰਗ ਵਿੱਚ ਰੰਗੀ ਰਹੀ।



ਮੰਗਲਵਾਰ ਸਵੇਰੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸਣੇ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਅਖੰਡ ਪਾਠ ਦੇ ਭੋਗ ਪਾਏ ਗਏ। ਮਗਰੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਫਸੀਲ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਰਘਬੀਰ ਸਿੰਘ, ਤਖ਼ਤ ਕੇਸਗੜ੍ਹ ਸਾਹਿਬ ਦੇ ਜਥੇਦਾਰ ਸੁਲਤਾਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਬਾਬਾ ਬਲਵੀਰ ਸਿੰਘ 96ਵੇਂ ਕਰੋੜੀ ਨਿਹੰਗ ਮੁਖੀ, ਬਾਬਾ ਹਰਨਾਮ ਸਿੰਘ ਖਾਲਸਾ ਦਮਦਮੀ ਟਕਸਾਲ ਵਾਲੇ ਆਦਿ ਨੇ ਸੰਬੋਧਨ ਕੀਤਾ। ਅੱਜ ਨਿਹੰਗ ਸਿੰਘਾਂ ਵੱਲੋਂ ਸੈਂਕੜੇ ਹਾਥੀਆਂ, ਘੋੜਿਆਂ, ਊਠਾਂ 'ਤੇ ਸਵਾਰ ਹੋ ਕੇ ਅਤੇ ਦਲ ਪੰਥ ਦੇ ਨਿਸ਼ਾਨ ਲੈ ਕੇ ਮਹੱਲਾ ਕੱਢਿਆ ਗਿਆ। ਦਹਾਕਿਆਂ ਬਾਅਦ ਜ਼ਿਲ੍ਹਾ ਰੂਪਨਗਰ ਦੀ ਡੀਸੀ ਡਾ.ਪ੍ਰੀਤੀ ਯਾਦਵ ਅਤੇ ਐੱਸਐੱਸਪੀ ਗੁਲਨੀਤ ਸਿੰਘ ਖੁਰਾਣਾ ਦੀ ਅਗਵਾਈ ਵਿੱਚ ਲੱਖਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਖੁੱਲ੍ਹ ਕੇ ਰੰਗ ਸੁੱਟਿਆ ਅਤੇ ਗੁਲਾਲ ਦੀ ਵਰਤੋਂ ਕੀਤੀ। ਸੰਗਤ ਲਈ ਇਸ ਵਾਰ ਵਿਰ-ਾਸਤ-ਏ-ਖਾਲਸਾ ਅਤੇ ਪੰਜ ਪਿਆਰਾ ਪਾਰਕ ਖਾਸ ਖਿੱਚ ਦਾ ਕੇਂਦਰ ਰਹੇ। ਇੱਥੇ ਹੀ ਬੱਸ ਨਹੀਂ ਪ੍ਰਸ਼ਾਸਨ ਵੱਲੋਂ ਕੀਤੇ ਗਏ ਪ੍ਰਬੰਧਾਂ ਤਹਿਤ ਹਾਟ ਏਅਰ ਬੈਲੂਨ, ਵਾਟਰ ਬੋਟਿੰਗ ਆਦਿ ਸ਼ਰਧਾਲੂਆਂ ਦੀ ਵਿਸ਼ੇਸ਼ ਖਿੱਚ ਦਾ ਕੇਂਦਰ ਸੀ।

# ਸ਼ਰਾਬ ਘੁਟਾਲੇ ਦੇ ਪੈਸੇ ਬਾਰੇ ਦੱਸਣਗੇ ਕੇਜਰੀਵਾਲ

## ਪਤਨੀ ਸੁਨੀਤਾ ਨੇ ਕੇਜਰੀਵਾਲ ਦਾ ਪੜ੍ਹਿਆ ਸੰਦੇਸ਼

ਨਵੀਂ ਦਿੱਲੀ- ਦਿੱਲੀ ਦੇ ਮੁੱਖ ਮੰਤਰੀ ਦੀ ਪਤਨੀ ਸੁਨੀਤਾ ਕੇਜਰੀਵਾਲ ਨੇ ਬੁੱਧਵਾਰ ਦੁਪਹਿਰ ਨੂੰ ਪ੍ਰੈੱਸ ਕਾਨਫਰੰਸ ਕਰ ਕੇ ਅਰਵਿੰਦ ਕੇਜਰੀਵਾਲ ਦਾ ਸੰਦੇਸ਼ ਪੜ੍ਹਿਆ। ਉਨ੍ਹਾਂ ਦਾਅਵਾ ਕੀਤਾ ਕਿ ਸੀਐਮ ਕੇਜਰੀਵਾਲ 28 ਮਾਰਚ ਨੂੰ ਸਬੂਤਾਂ ਸਮੇਤ ਸ਼ਰਾਬ ਘੁਟਾਲੇ ਦਾ ਪੈਸਾ ਕਿੱਥੇ ਗਿਆ, ਬਾਰੇ ਜਾਣਕਾਰੀ ਪੇਸ਼ ਕਰਨਗੇ। ਜ਼ਿਕਰਯੋਗ ਹੈ ਕਿ ਸੁਨੀਤਾ ਕੇਜਰੀਵਾਲ ਲਗਾਤਾਰ ਈਡੀ ਦਫਤਰ ਜਾ ਕੇ ਸੀਐਮ ਨਾਲ ਮੁਲਾਕਾਤ ਕਰਦੀ ਹੈ।

ਉਨ੍ਹਾਂ ਕਿਹਾ, ਕੱਲ੍ਹ ਸ਼ਾਮ ਮੈਂ ਅਰਵਿੰਦ ਜੀ ਨੂੰ ਜੇਲ੍ਹ ਵਿਚ ਮਿਲੀ ਸੀ। ਦੋ ਦਿਨ ਪਹਿਲਾਂ ਉਨ੍ਹਾਂ ਨੇ ਦਿੱਲੀ ਦੀ ਜਲ ਮੰਤਰੀ ਆਤਿਸ਼ੀ ਨੂੰ



ਸੰਦੇਸ਼ ਭੇਜਿਆ ਸੀ ਕਿ ਪਾਣੀ ਤੇ ਸੀਵਰੇਜ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ। ਇਸ ਮਾਮਲੇ ਨੂੰ ਲੈ ਕੇ ਕੇਂਦਰ ਸਰਕਾਰ ਨੇ ਮੁੱਖ ਮੰਤਰੀ ਖ਼ਿਲਾਫ਼ ਕੇਸ ਦਾਇਰ ਕੀਤਾ ਸੀ ਕਿ ਕੀ ਉਹ ਦਿੱਲੀ ਨੂੰ ਤਬਾਹ ਕਰਨਾ ਚਾਹੁੰਦੇ ਹਨ? ਅਰਵਿੰਦ ਜੀ ਨੇ ਮੈਨੂੰ ਕਿਹਾ ਕਿ ਇਸ ਸ਼ਰਾਬ ਘੁਟਾਲੇ ਦੀ ਜਾਂਚ ਵਿਚ ਈਡੀ ਨੇ ਪਿਛਲੇ ਦੋ ਸਾਲਾਂ ਵਿਚ 250 ਤੋਂ ਵੱਧ ਛਾਪੇ ਮਾਰੇ ਹਨ, ਹੁਣ ਤੱਕ ਕਿਸੇ ਵੀ ਛਾਪੇ 'ਚ ਕੋਈ ਪੈਸਾ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਅਰਵਿੰਦ ਜੀ ਨੇ ਕਿਹਾ ਹੈ ਕਿ ਉਹ 28 ਮਾਰਚ ਨੂੰ ਅਦਾਲਤ ਵਿਚ ਖੁਲਾਸਾ ਕਰਨਗੇ ਕਿ ਸ਼ਰਾਬ ਘੁਟਾਲੇ ਦਾ ਪੈਸਾ ਕਿੱਥੇ ਗਿਆ। ਉਹ ਇਸ ਦਾ ਸਬੂਤ ਵੀ ਦੇਣਗੇ। ਅਰਵਿੰਦ ਜੀ ਨੇ ਕਿਹਾ ਹੈ ਕਿ ਮੇਰਾ ਸਰੀਰ ਜੇਲ੍ਹ ਵਿੱਚ ਹੈ ਪਰ ਮੇਰੀ ਆਤਮਾ ਤੁਹਾਡੇ ਸਾਰਿਆਂ ਵਿਚ ਹੈ। ਤੁਹਾਨੂੰ ਦੱਸ ਦੇਈਏ ਕਿ ਸੁਨੀਤਾ ਕੇਜਰੀਵਾਲ ਨੇ ਦੂਜੀ ਵਾਰ ਪ੍ਰੈੱਸ ਨੂੰ ਆਪਣਾ ਬਿਆਨ ਜਾਰੀ ਕੀਤਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਨੇ 23 ਮਾਰਚ ਨੂੰ ਪ੍ਰੈਸ ਵਿੱਚ ਆਪਣਾ ਬਿਆਨ ਦਿੱਤਾ ਸੀ।

# 31 ਮਾਰਚ ਨੂੰ ਦਿੱਲੀ ਵਿੱਚ 'ਆਪ' ਵਲੋਂ ਵੱਡੀ ਰੋਸ ਰੈਲੀ

ਨਵੀਂ ਦਿੱਲੀ: ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸ਼ਰਾਬ ਨੀਤੀ ਨਾਲ ਸਬੰਧਤ ਇੱਕ ਮਾਮਲੇ ਵਿੱਚ ਗ੍ਰਿਫਤਾਰੀ ਦੇ ਵਿਰੋਧ ਵਿੱਚ 31 ਮਾਰਚ ਨੂੰ ਦਿੱਲੀ ਵਿੱਚ ਇੱਕ ਵੱਡੀ ਰੋਸ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਵਿੱਚ ਜਿੱਥੇ ਸਾਰੀਆਂ ਵਿਰੋਧੀ ਪਾਰਟੀਆਂ ਇੱਕ ਮੰਚ 'ਤੇ ਹੋਣਗੀਆਂ। ਇਸ ਦੇ ਨਾਲ ਹੀ ਪੰਜਾਬ ਤੋਂ 'ਆਪ' ਆਗੂ ਤੇ ਸਮਰਥਕ ਵੀ ਰੈਲੀ ਵਿੱਚ ਪੁੱਜਣਗੇ। ਸਾਰੇ ਵਿਧਾਇਕਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਨਾਲ ਹੀ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਰੈਲੀ ਤੋਂ ਇਕ ਦਿਨ ਪਹਿਲਾਂ ਸਮਰਥਕ ਦਿੱਲੀ ਪਹੁੰਚ ਜਾਣ। ਤਾਂ ਜੋ ਉਨ੍ਹਾਂ ਨੂੰ ਬਾਅਦ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੇ ਨਾਲ ਹੀ ਪਾਰਟੀ ਲੋਕ ਸਭਾ ਚੋਣਾਂ 'ਚ ਕੇਜਰੀਵਾਲ ਦੀ ਗ੍ਰਿਫਤਾਰੀ ਨੂੰ ਮੁੱਦਾ ਬਣਾਉਣ ਦੀ ਤਿਆਰੀ ਕਰ ਰਹੀ ਹੈ।



ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਤੋਂ ਬਾਅਦ ਆਮ ਆਦਮੀ ਪਾਰਟੀ ਕਾਫੀ ਹਮਲਾਵਰ ਹੋ ਗਈ ਹੈ। ਜਿੱਥੇ ਪਾਰਟੀ ਇਸ ਮਾਮਲੇ ਨੂੰ ਲੈ ਕੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਇੱਕਜੁੱਟ ਕਰ ਰਹੀ ਹੈ। ਇਸ ਦੇ ਨਾਲ ਹੀ ਪਾਰਟੀ ਆਗੂ ਉਸ ਦਿਨ ਤੋਂ ਹੀ ਸੰਘਰਸ਼ ਦੇ ਰਾਹ 'ਤੇ ਚੱਲ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਅਤੇ ਹਰਿਆਣਾ ਵਿੱਚ ਵੀ ਸੂਬਾ ਪੱਧਰੀ ਪ੍ਰਦਰਸ਼ਨ ਹੋਏ ਹਨ।

# ਏਜੰਟ ਦੇ ਧੋਖੇ ਕਾਰਨ ਅਰਮੀਨੀਆ 'ਚ ਬੁਰੇ ਫਸੇ ਪੰਜਾਬੀ ਮੁੰਡੇ

ਖੰਨਾ : ਠੱਗ ਟਰੈਵਲ ਏਜੰਟਾਂ ਦੇ ਚੱਕਰਾਂ ਵਿਚ ਆ ਕੇ ਅਨੇਕਾਂ ਪੰਜਾਬੀ ਨੌਜਵਾਨ ਵਿਦੇਸ਼ਾਂ ਵਿਚ ਫਸੇ ਹੋਏ ਨੇ, ਜਿਨ੍ਹਾਂ ਨੂੰ ਨਿਕਲਣ ਦਾ ਰਾਹ ਤੱਕ ਨਹੀਂ ਲੱਭ ਰਿਹਾ। ਅਜਿਹਾ ਹੀ ਇਕ ਮਾਮਲਾ ਖੰਨਾ ਤੋਂ ਸਾਹਮਣੇ ਆਇਆ ਏ, ਜਿੱਥੋਂ ਦੇ ਦੋ ਨੌਜਵਾਨ ਅਰਮੀਨੀਆ ਵਿਚ ਫਸ ਚੁੱਕੇ ਨੇ, ਜਿੱਥੇ ਉਨ੍ਹਾਂ ਨੂੰ ਕਈ ਕਈ ਦਿਨ ਤੱਕ ਭੁੱਖੇ ਰਹਿਣਾ ਪੈ ਰਿਹਾ ਏ ਅਤੇ ਕੰਮ ਦੇ ਪੈਸੇ ਵੀ ਨਹੀਂ ਦਿੱਤੇ ਜਾ ਰਹੇ।

ਖੰਨਾ ਦੇ ਦੋ ਨੌਜਵਾਨਾਂ ਦੇ ਅਰਮੀਨੀਆ ਵਿਚ ਫਸੇ ਹੋਣ ਦੀ ਖ਼ਬਰ ਸਾਹਮਣੇ ਆ ਰਹੀ ਐ, ਜਿਨ੍ਹਾਂ ਵਿਚੋਂ ਇਕ ਨੌਜਵਾਨ ਪਿੰਡ ਗੱਗੜਮਾਜਰਾ ਦਾ ਰਹਿਣ ਵਾਲਾ ਏ ਤੇ ਦੂਜਾ ਪਿੰਡ ਅਜਨੌਦ ਦਾ ਰਹਿਣ ਵਾਲਾ ਏ। ਇਨ੍ਹਾਂ ਨੌਜਵਾਨਾਂ ਨੇ ਅਰਮੀਨੀਆ ਤੋਂ ਵੀਡੀਓ ਜਾਰੀ ਕਰਕੇ ਆਪਣੇ ਹਾਲਾਤ ਬਿਆਨ ਕੀਤੇ। ਨੌਜਵਾਨਾਂ ਨੇ ਦੱਸਿਆ ਕਿ ਏਜੰਟ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਵਰਕ ਪਰਮਿਟ ਦਿਵਾਇਆ ਜਾਵੇਗਾ ਪਰ ਧੋਖੇ ਨਾਲ ਉਨ੍ਹਾਂ ਨੂੰ ਇੱਥੇ ਫਸਾ ਦਿੱਤਾ।

ਇਸ ਮਾਮਲੇ ਨੂੰ ਲੈ ਕੇ ਪੀੜਤ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਖੰਨਾ ਦੇ ਐਸਐਸਪੀ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਐ। ਪੀੜਤ ਮਾਪਿਆਂ ਨੇ ਦੱਸਿਆ ਕਿ ਮੁਹਾਲੀ ਦੇ ਟਰੈਵਲ ਏਜੰਟ ਨੇ ਉਨ੍ਹਾਂ ਦੇ ਨਾਲ 9 ਲੱਖ ਰੁਪਏ ਦੀ ਠੱਗੀ ਮਾਰੀ ਐ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਬੱਚੇ ਅਰਮੀਨੀਆ ਵਿਚ ਭੁੱਖੇ ਰਹਿ ਕੇ ਕੰਮ ਕਰਨ ਲਈ ਮਜਬੂਰ ਨੇ ਅਤੇ ਉਨ੍ਹਾਂ ਨੂੰ ਪੈਸੇ ਵੀ ਨਹੀਂ ਦਿੱਤੇ ਜਾ ਰਹੇ।

ਕਲਜੁਗ ਮਹਿ ਕੀਰਤਨੁ ਪਰਧਾਨਾ॥ ਗੁਰਮੁਖਿ ਜਪੀਐ ਲਾਇ ਧਿਆਨਾ॥

ਵਿਸਾਖੀ 1978 ਅਤੇ ਜੂਨ 1984 ਦੇ ਸ਼ਹੀਦਾਂ ਦੀ 40 ਸਾਲਾ ਯਾਦ ਵਿੱਚ ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਡਰਬੀ ਵਿਖੇ

## ਸਲਾਨਾ ਇੰਟਰਨੈਸ਼ਨਲ ਅਖੰਡ ਕੀਰਤਨ ਸਮਾਗਮ 25 ਮਾਰਚ ਤੋਂ 1 ਅਪ੍ਰੈਲ ਤੱਕ

# ਇੰਟਰਨੈਸ਼ਨਲ ਰੈਣ ਸਬਾਈ ਕੀਰਤਨ

## 30 ਮਾਰਚ ਐਤਵਾਰ ਸ਼ਾਮ 6:00 ਤੋਂ 1 ਅਪ੍ਰੈਲ 5:00 ਵਜੇ ਸਵੇਰ ਤੱਕ

**Gurdwara Sri Guru Singh Sabha, Princes Street, Derby, DE23 8NT**

ਗੁਰੂ ਪਿਆਰੀ ਸਾਧ ਸੰਗਤ ਜੀਓ,

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਖਾਲਸਾ ਪੰਥ ਦੇ ਸਿਰਜਣਾ ਦਿਵਸ ਵਿਸਾਖੀ ਅਤੇ 1978 ਦੇ ਸ਼ਹੀਦਾਂ ਦੀ ਯਾਦ ਵਿੱਚ ਆਯੋਜਿਤ ਕੀਤੇ ਜਾ ਰਹੇ ਸਾਲਾਨਾ ਇੰਟਰਨੈਸ਼ਨਲ ਕੀਰਤਨ ਸਮਾਗਮਾਂ ਵਿਚ ਕੀਰਤਨ ਦੀਆਂ ਹਾਜ਼ਰੀਆਂ ਭਰਨ ਲਈ ਦੇਸ਼ ਵਿਦੇਸ਼ ਤੋਂ ਬਹੁਤ ਸਾਰੇ ਉੱਘੇ ਕੀਰਤਨੀਏ ਪਹੁੰਚ ਰਹੇ ਹਨ। ਸਮੂਹ ਸਾਧ ਸੰਗਤ, ਗੁਰਦੁਆਰਾ ਸਾਹਿਬਾਨ ਦੇ ਸੇਵਾਦਾਰਾਂ ਅਤੇ ਸਮੂਹ ਸਿੱਖ ਸੰਸਥਾਵਾਂ ਦੇ ਸੇਵਾਦਾਰਾਂ ਨੂੰ ਸਮਾਗਮਾਂ ਵਿਚ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਸਿੰਘ ਸਭਾ ਡਰਬੀ ਵਿਖੇ ਪਹੁੰਚ ਕੇ ਹਾਜ਼ਰੀਆਂ ਭਰੋ ਅਤੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### ਪ੍ਰੋਗਰਾਮ ਦਾ ਵੇਰਵਾ : ਸ੍ਰੀ ਅਖੰਡ ਪਾਠ ਸਾਹਿਬ

ਆਰੰਭ ਸੋਮਵਾਰ 25 ਮਾਰਚ ਸਵੇਰੇ 6:00 ਵਜੇ – ਭੋਗ ਬੁੱਧਵਾਰ 27 ਮਾਰਚ ਸ਼ਾਮ 6:00 ਵਜੇ
ਉਪ੍ਰੰਤ ਦੀਵਾਨ ਸਜੇਗਾ ਅਤੇ ਸ਼ਾਮ 6:00 ਤੋਂ 9:00 ਵਜੇ ਤੱਕ ਅਖੰਡ ਕੀਰਤਨ ਹੋਵੇਗਾ

### ਆਸਾ ਦੀ ਵਾਰ ਕੀਰਤਨ

ਵੀਰਵਾਰ 28 ਮਾਰਚ ਸਵੇਰੇ 6 ਵਜੇ ਆਰੰਭ
ਸ਼ੁੱਕਰਵਾਰ 29 ਮਾਰਚ ਸਵੇਰੇ 6 ਵਜੇ ਆਰੰਭ
ਸ਼ਨੀਵਾਰ 30 ਮਾਰਚ ਸਵੇਰੇ 6 ਵਜੇ ਆਰੰਭ

### ਸ਼ਾਮ ਨੂੰ ਪਾਠ ਰਹਿਰਾਸ ਤੇ ਕੀਰਤਨ

ਵੀਰਵਾਰ 28 ਮਾਰਚ ਸ਼ਾਮ 6:00 ਤੋਂ 9:00
ਸ਼ੁੱਕਰਵਾਰ 29 ਮਾਰਚ ਸ਼ਾਮ 6:00 ਤੋਂ 10:00
ਸ਼ਨੀਵਾਰ 30 ਮਾਰਚ ਸ਼ਾਮ 6:00 ਤੋਂ 12:00

# ਵਿਸ਼ੇਸ਼ ਪੰਥਕ ਗੋਸ਼ਟੀ

## 31 ਮਾਰਚ ਐਤਵਾਰ ਨੂੰ ਸਵੇਰੇ 11 ਤੋਂ 1 ਵਜੇ ਤੱਕ

**ਹੇਠਾਂ ਲਿਖੇ ਬੁਲਾਰੇ ਵੱਖ ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕਰਨਗੇ**

* ਪ੍ਰੋ: ਦਲਜੀਤ ਸਿੰਘ ਵਿਰਕ – ਅਖੰਡ ਕੀਰਤਨੀ ਜਥੇ ਵੱਲੋਂ ਸਿੱਖੀ ਦੇ ਪ੍ਰਚਾਰ ਲਈ ਯੋਗਦਾਨ
* ਪ੍ਰਿੰਸੀਪਲ ਸੁਜਿੰਦਰ ਸਿੰਘ ਸੰਘਾ – ਸਿੱਖ ਪੰਥ ਦੀ ਮੌਜੂਦਾ ਸਿਆਸੀ ਸਥਿਤੀ ਅਤੇ ਸਿੱਖਾਂ ਦਾ ਪੰਜਾਬ ਵਿੱਚ ਬੋਲਬਾਲਾ ਕਿਵੇਂ ਹੋਵੇ
* ਭਾਈ ਜੋਗਿੰਦਰ ਸਿੰਘ – ਗੁਰੂ ਭੂੰਮੀ, ਡੇਰਾਵਾਦ ਅਤੇ ਦੂਜੇ ਧਰਮਾਂ ਦਾ ਵੱਧ ਰਿਹਾ ਪ੍ਰਭਾਵ
* ਭਾਈ ਜੋਗਾ ਸਿੰਘ – 1978 ਅਤੇ ਜੂਨ 1984 ਦੇ ਸਾਕੇ ਅਤੇ ਪਾਕਿਸਤਾਨ ਵਿੱਚ ਗੁਰ ਅਸਥਾਨਾਂ ਦੀ ਹੋ ਰਹੀ ਕਾਰ ਸੇਵਾ ਬਾਰੇ ਚਾਨਣਾ ਪਾਉਣਗੇ
* ਭਾਈ ਬਲਬੀਰ ਸਿੰਘ ਬੈਂਸ – ਬੰਦੀ ਸਿੰਘਾਂ ਤੇ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਦੀ ਰਿਹਾਈ
* ਮਨਪ੍ਰੀਤ ਸਿੰਘ (wsp)– ਖਾਲਸਾ ਹਲੇਮੀ ਰਾਜ ਦੀ ਜ਼ਰੂਰਤ ਤੇ ਸਰੋਕਾਰ (ਕਿਹੋ ਜਿਹਾ ਹੋਏਗਾ)
* ਤੇਜਾ ਸਿੰਘ – ਯੂ ਕੇ 'ਚ ਸਿੱਖ ਸਕੂਲਾਂ ਦਾ ਐਜੂਕੇਸ਼ਨ ਵਿੱਚ ਸਥਾਨ ਤੇ ਪ੍ਰਾਪਤੀਆਂ
* ਗੁਰਮੇਲ ਸਿੰਘ ਕੰਦੋਲਾ (ਸੁਪਰੀਮ ਸਿੱਖ ਕੌਂਸਲ) – ਬਰਤਾਨਵੀ ਸਰਕਾਰ ਵੱਲੋਂ ਅੱਤਵਾਦ ਸਬੰਧੀ ਬਣਾਏ ਗਏ ਨਵੇਂ ਕਾਨੂੰਨਾਂ ਦਾ ਸਿੱਖਾਂ ਉੱਤੇ ਅਸਰ ਹੋ ਸਕਦਾ ਹੈ
* ਰਣਜੀਤ ਸਿੰਘ ਰਾਣਾ – ਖਾਲਸਾ ਸਿਰਜਣਾ ਦੇ ਸੰਦਰਭ ਵਿੱਚ ਮੌਜੂਦਾ ਖਾਲਸਾ ਪੰਥ ਦੀ ਸਥਿਤੀ
* ਦੁਪਿੰਦਰਜੀਤ ਸਿੰਘ – ਖਾਲਸਾ ਹਲੇਮੀ ਰਾਜ ਦੀ ਸਥਾਪਤੀ ਲਈ ਰਣਨੀਤੀ ਕੀ ਹੋਵੇ
* ਡਾ: ਗੁਰਨਾਮ ਸਿੰਘ – ਸਿੱਖ ਮੀਡੀਆ ਦੀਆਂ ਜ਼ਿੰਮੇਵਾਰੀਆਂ ਅਤੇ ਚੁਣੌਤੀਆਂ




### ਅੰਮ੍ਰਿਤ ਸੰਚਾਰ 30 ਮਾਰਚ ਸ਼ਨਿਚਰਵਾਰ ਨੂੰ

30 ਮਾਰਚ 2024 ਦਿਨ ਸ਼ਨਿੱਚਰਵਾਰ ਨੂੰ ਦੁਪਹਿਰ 2:00 ਵਜੇ ਅੰਮ੍ਰਿਤ ਸੰਚਾਰ ਹੋ ਰਹੇ ਹਨ, ਅਭਿਲਾਖੀ ਸੱਜਣ ਤਿਆਰ ਬਰ ਤਿਆਰ ਹੋ, ਕੇਸ ਇਸ਼ਨਾਨ ਕਰ ਸਮੇਂ ਸਿਰ ਪਹੁੰਚਣ ਦੀ ਮਿਹਰਬਾਨੀ ਕਰਨ ਅਤੇ ਪ੍ਰਬੰਧਕਾਂ ਕੋਲ ਆਪਣੇ ਨਾਂ ਲਿਖਵਾ ਦੇਣ।



### ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਹਵਾਈ ਅੱਡੇ / ਟਰੇਨ ਸਟੇਸ਼ਨ ਤੋਂ ਲਿਆਉਣ ਲਈ
ਭਾਈ ਬਲਬੀਰ ਸਿੰਘ – 07908 266984
ਰਿਹਾਇਸ਼ ਦਾ ਪ੍ਰਬੰਧ – 07770 909680 / 07514 505239
ਨੋਟ:– ਆਪਣੇ ਸ਼ਹਿਰਾਂ ਵਿੱਚ ਟਰਾਂਸਪੋਰਟ ਬਾਰੇ ਜਾਣਕਾਰੀ ਲਈ ਅਖੰਡ ਕੀਰਤਨੀ ਜਥੇ ਦੇ ਸਥਾਨਕ ਸੇਵਾਦਾਰਾਂ ਨਾਲ ਸੰਪਰਕ ਕਰੋ ਜੀ

ਵੱਖ ਵੱਖ ਟੀ ਵੀ ਚੈਨਲਾਂ, ਸਿੰਘ ਸਭਾ ਯੂ ਟਿਊਬ ਅਤੇ ਅਖੰਡ ਕੀਰਤਨੀ ਜਥੇ ਦੇ ਇੰਟਰਨੈਟ ਰੇਡੀਓ ਵੱਲੋਂ ਸਮਾਗਮਾਂ ਦੀ ਕਵਰੇਜ ਦਿੱਤੀ ਜਾਵੇਗੀ

**ਬੇਨਤੀ ਕਰਤਾ:** **ਅਖੰਡ ਕੀਰਤਨੀ ਜਥਾ ਯੂ ਕੇ** – ਜਨਰਲ ਸੈਕਟਰੀ – ਭਾਈ ਦਲਜੀਤ ਸਿੰਘ ਵਿਰਕ

**ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ** – ਪ੍ਰਧਾਨ: ਭਾਈ ਰਘਬੀਰ ਸਿੰਘ, ਜ: ਸੈਕਟਰੀ: ਭਾਈ ਰਾਜਿੰਦਰ ਸਿੰਘ, ਖਜ਼ਾਨਚੀ: ਅਜੀਤ ਸਿੰਘ 07533 362911

**Gurdwara Sri Guru Singh Sabha, Princes Street, Derby, DE23 8NT. Tel: 01332 773010**

Punjab Times is Published by Punjab Times Trust, Bridle Gate Lane, Derby, DE24 0QW (U.K.) Tel: (01332) 372851. Editor M.S. Purewal. Registered as a newspaper with G.P.O.